

ਮਨਦੀਪ ਕੌਰ (ਨਿਊਜ਼ ਐਡੀਟਰ)

ਪੜ੍ਹੋ ਭਾਰਤ ਦੀ ਹਰ ਖ਼ਬਰ ਸੱਚ ਦੇ ਨਾਲ

# ਸਭ ਤੋਂ ਫਾਸਟ ਆਹਮੋ-ਸਾਹਮਣੇ

SABSE FAST AAMNE SAAMNE

Rni No Punpun 2015/60599

1-7 November 2025

ਮੁੱਲ : 3 ਰੁਪਏ



ਸੋਨੂ ਸਮਿਆਲ (ਉਪ-ਸੰਪਾਦਕ)

ਸਾਲ 2025 / ਸੰਪਾਦਕ : ਐਸ.ਕੇ. ਸਕਸੈਨਾ / ਈ-ਮੇਲ : editoraamnesaamne@gmail.com/ ਮੋਬਾਈਲ : 9878552070, 9780802013


## ਕਾਂਗਰਸ ਨੇ ਇਤਰਾਜ਼ ਪਹਿਲਾਂ ਕਿਉਂ ਨਹੀਂ ਜਤਾਏ: ਚੋਣ ਕਮਿਸ਼ਨ

ਨਵੀਂ ਦਿੱਲੀ (ਏਜੰਸੀ)-ਚੋਣ ਕਮਿਸ਼ਨ ਦੇ ਅਧਿਕਾਰੀਆਂ ਨੇ ਰਾਹੁਲ ਗਾਂਧੀ ਵੱਲੋਂ ਹਰਿਆਣਾ ਵਿਧਾਨ ਸਭਾ ਚੋਣਾਂ ਦੌਰਾਨ ਵੋਟਾਂ 'ਚ ਹੇਰਾ-ਫੇਰੀ ਦੇ ਲਾਏ ਗਏ ਦੋਸ਼ਾਂ ਨੂੰ ਨਕਾਰਦਿਆਂ ਕਿਹਾ ਕਿ ਇਸ ਬਾਰੇ ਹਰਿਆਣਾ 'ਚ ਕੋਈ ਅਪੀਲ ਨਹੀਂ ਕੀਤੀ ਗਈ ਸੀ। ਅਧਿਕਾਰੀਆਂ ਨੇ ਕਿਹਾ ਕਿ ਫ਼ਰਜ਼ੀ ਵੋਟਾਂ ਪੈਣ ਸਮੇਂ ਵੀ ਇਸ ਦੀ ਕੋਈ ਸ਼ਿਕਾਇਤ ਨਹੀਂ ਕੀਤੀ ਗਈ ਸੀ। ਉਨ੍ਹਾਂ ਸਵਾਲ ਕੀਤਾ ਕਿ ਜਦੋਂ ਅਕਤੂਬਰ 2024 'ਚ ਚੋਣਾਂ ਦੌਰਾਨ ਕਈ-ਕਈ ਵੋਟਾਂ ਪੈ ਰਹੀਆਂ ਸਨ ਤਾਂ ਕਾਂਗਰਸ ਦੇ ਬੂਥ ਏਜੰਟਾਂ ਨੇ ਅਜਿਹੇ ਵੋਟਰਾਂ ਬਾਰੇ ਕੋਈ ਜਾਣਕਾਰੀ ਕਿਉਂ ਨਹੀਂ ਦਿੱਤੀ ਸੀ। ਰਾਹੁਲ ਗਾਂਧੀ ਦੇ ਦੋਸ਼ਾਂ ਦਾ ਜਵਾਬ ਦਿੰਦਿਆਂ ਅਧਿਕਾਰੀ ਨੇ ਕਿਹਾ, "ਕਈ ਨਾਵਾਂ ਤੋਂ ਬਚਣ ਲਈ ਸੋਧ ਦੌਰਾਨ ਕਾਂਗਰਸ ਦੇ ਬੂਥ ਪੱਧਰ ਦੇ ਏਜੰਟਾਂ ਵੱਲੋਂ ਦਾਅਵੇ ਜਾਂ ਇਤਰਾਜ਼ ਕਿਉਂ ਨਹੀਂ ਕੀਤੇ ਸਨ?" ਚੋਣ ਕਮਿਸ਼ਨ ਦੇ ਅਧਿਕਾਰੀਆਂ ਨੇ ਕਿਹਾ ਕਿ ਵੋਟਰ ਸੂਚੀਆਂ ਖ਼ਿਲਾਫ਼ ਇਕ ਵੀ ਅਪੀਲ ਦਾਖ਼ਲ ਨਹੀਂ ਕੀਤੀ ਗਈ ਸੀ ਪਰ 22 ਚੋਣ ਪਟੀਸ਼ਨਾਂ ਪੰਜਾਬ ਤੇ ਹਰਿਆਣਾ ਹਾਈ ਕੋਰਟ 'ਚ ਬਕਾਇਆ ਪਈਆਂ ਹਨ। ਅਧਿਕਾਰੀ ਨੇ ਕਿਹਾ ਕਿ ਰਾਈ ਅਤੇ ਹੋਡਲ ਹਲਕਿਆਂ ਦਾ ਮੁੱਦਾ ਰਾਹੁਲ ਗਾਂਧੀ ਨੇ ਉਭਾਰਿਆ ਹੈ ਅਤੇ ਉਨ੍ਹਾਂ ਨੂੰ ਚਾਹੀਦਾ ਹੈ ਕਿ ਉਹ ਇਸ ਸਬੰਧੀ ਸਾਰੇ ਸਬੂਤ ਅਦਾਲਤ 'ਚ ਦੇਣ। -ਪੀਟੀਆਈ

## ਚੋਣ ਕਮਿਸ਼ਨ ਨਿਰਪੱਖ ਨਹੀਂ: ਹੁੱਡਾ

ਨਵੀਂ ਦਿੱਲੀ: ਕਾਂਗਰਸ ਦੇ ਸੀਨੀਅਰ ਆਗੂ ਅਤੇ ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਭੁਪਿੰਦਰ ਸਿੰਘ ਹੁੱਡਾ ਨੇ ਕਥਿਤ 'ਵੋਟ ਚੋਰੀ' ਦੇ ਮੁੱਦੇ 'ਤੇ ਬੁੱਧਵਾਰ ਨੂੰ ਭਾਜਪਾ ਅਤੇ ਚੋਣ ਕਮਿਸ਼ਨ 'ਤੇ ਨਿਸ਼ਾਨਾ ਸੇਧਦਿਆਂ ਕਿਹਾ ਕਿ ਸੂਬੇ ਵਿੱਚ 'ਸਰਕਾਰ ਚੋਰੀ' ਕਰ ਲਈ ਗਈ ਹੈ। ਉਨ੍ਹਾਂ ਚੋਣ ਕਮਿਸ਼ਨ ਦੇ ਨਿਰਪੱਖ ਨਾ ਹੋਣ ਦਾ ਦਾਅਵਾ ਕਰਦਿਆਂ ਮੰਗ ਕੀਤੀ ਕਿ ਪੂਰੇ ਦੇਸ਼ ਵਿੱਚ ਬੈਲੇਟ ਪੇਪਰਾਂ ਰਾਹੀਂ ਚੋਣਾਂ ਕਰਵਾਈਆਂ ਜਾਣੀਆਂ ਚਾਹੀਦੀਆਂ ਹਨ। ਹਰਿਆਣਾ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਰਾਹੁਲ ਗਾਂਧੀ ਸੰਵਿਧਾਨ ਅਤੇ ਲੋਕਤੰਤਰ ਬਚਾਉਣ ਦੀ ਲੜਾਈ ਲੜ ਰਹੇ ਹਨ। ਉਨ੍ਹਾਂ ਦਾਅਵਾ ਕੀਤਾ ਕਿ ਹਰਿਆਣਾ 'ਚ ਵੋਟਿੰਗ ਤੋਂ ਬਾਅਦ ਅਤੇ ਉਸ ਤੋਂ ਅਗਲੇ ਦਿਨ ਕੁੱਲ ਪਈਆਂ ਵੋਟਾਂ ਦੇ ਜੋ ਅੰਕੜੇ ਦੱਸੇ ਗਏ, ਉਨ੍ਹਾਂ ਵਿੱਚ ਕਰੀਬ ਛੇ ਫ਼ੀਸਦ ਦਾ ਫ਼ਰਕ ਸੀ। ਹਰ ਵਿਧਾਨ ਸਭਾ ਹਲਕੇ ਵਿੱਚ ਔਸਤਨ 15 ਹਜ਼ਾਰ ਵੋਟਾਂ ਵਧ ਗਈਆਂ ਸਨ। ਹਰਿਆਣਾ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਰਾਓ ਨਰਿੰਦਰ ਸਿੰਘ ਨੇ ਕਿਹਾ ਕਿ ਬ੍ਰਾਜ਼ੀਲ ਦੀ ਮਾਡਲ ਕੁੜੀ ਦੀ ਤਸਵੀਰ ਦੇ ਆਧਾਰ 'ਤੇ ਫਰਜ਼ੀ ਵੋਟਾਂ ਬਣਾਈਆਂ ਗਈਆਂ ਸਨ। ਇਸ ਸੂਰਤ ਵਿੱਚ 'ਬੀ ਜੇ ਪੀ' ਨੂੰ 'ਬ੍ਰਾਜ਼ੀਲ ਜਨਤਾ ਪਾਰਟੀ' ਕਿਹਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ 'ਵੋਟ ਚੋਰੀ' ਖ਼ਿਲਾਫ਼ ਪੂਰੇ ਹਰਿਆਣਾ ਵਿੱਚ ਵਿਰੋਧ ਪ੍ਰਦਰਸ਼ਨ ਕੀਤੇ ਜਾਣਗੇ।



# ਪ੍ਰਧਾਨ ਮੰਤਰੀ ਮੋਦੀ ਵੱਲੋਂ ਵਿਸ਼ਵ ਕੱਪ ਜੇਤੂ ਮਹਿਲਾ ਕ੍ਰਿਕਟ ਟੀਮ ਨਾਲ ਮੁਲਾਕਾਤ

**ਇਸ ਦੌਰਾਨ ਟੈਟੂ ਅਤੇ ਇੱਥੋਂ ਤੱਕ ਕਿ ਸਕਿਨ ਕੇਅਰ ਰੁਟੀਨ ਬਾਰੇ ਵੀ ਚਰਚਾ ਹੋਈ**

ਨਵੀਂ ਦਿੱਲੀ (ਏਜੰਸੀ)-ਭਾਰਤੀ ਮਹਿਲਾ ਕ੍ਰਿਕਟ ਟੀਮ ਵੱਲੋਂ ਵਿਸ਼ਵ ਕੱਪ ਜਿੱਤਣ ਤੋਂ ਬਾਅਦ ਬੁੱਧਵਾਰ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਮੁਲਾਕਾਤ ਕੀਤੀ। ਇਸ ਮੌਕੇ ਉਨ੍ਹਾਂ ਨਾਲ ਮੁੱਖ ਕੋਚ ਅਮੋਲ ਮਜ਼ੂਮਦਾਰ ਅਤੇ ਬੀ ਸੀ ਸੀ ਆਈ ਪ੍ਰਧਾਨ ਮਿਥੁਨ ਮਨਹਾਸ ਵੀ ਮੌਜੂਦ ਸਨ। ਪ੍ਰਧਾਨ ਮੰਤਰੀ ਵੱਲੋਂ ਵੀਰਵਾਰ ਨੂੰ ਸਾਂਝੀ ਕੀਤੀ ਗਈ ਗੱਲਬਾਤ ਦੀ ਵੀਡੀਓ ਵਿੱਚ ਕਪਤਾਨ ਹਰਮਨਪ੍ਰੀਤ ਕੌਰ ਨੇ ਕਿਹਾ, "ਮੈਨੂੰ ਅਜੇ ਵੀ ਯਾਦ ਹੈ ਜਦੋਂ ਅਸੀਂ 2017 ਵਿੱਚ ਤੁਹਾਨੂੰ ਮਿਲੇ ਸੀ। ਉਸ ਸਮੇਂ ਅਸੀਂ ਕੋਈ ਟਰਾਫ਼ੀ ਲੈ ਕੇ ਨਹੀਂ ਆਏ ਸੀ। ਪਰ ਸਾਡੇ ਲਈ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਇਸ ਵਾਰ, ਜਿਸ ਚੀਜ਼ ਲਈ ਅਸੀਂ ਇੰਨੇ ਸਾਲਾਂ ਤੋਂ ਸਖ਼ਤ ਮਿਹਨਤ ਕਰ ਰਹੇ ਸੀ, ਅਸੀਂ ਉਹ ਟਰਾਫ਼ੀ ਇੱਥੇ ਲੈ ਕੇ ਆਏ ਹਾਂ।" ਜਦੋਂ ਭਾਰਤ ਦੀਆਂ ਮਹਿਲਾ ਕ੍ਰਿਕਟਰਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਉਨ੍ਹਾਂ ਦੀ ਰਿਹਾਇਸ਼ 'ਤੇ ਖੁਸ਼ੀਨੁਮਾ ਮਾਹੌਲ ਵਿੱਚ ਗੱਲਬਾਤ ਕਰਨ ਲਈ ਬੈਠੀਆਂ, ਤਾਂ ਉਨ੍ਹਾਂ ਦੀ ਸ਼ਾਨਦਾਰ ਵਿਸ਼ਵ ਕੱਪ ਜੇਤੂ ਮੁਹਿੰਮ ਹੀ ਇੱਕਲੌਤਾ ਵਿਸ਼ਾ ਨਹੀਂ ਸੀ। ਇਸ ਦੌਰਾਨ ਟੈਟੂ ਅਤੇ ਇੱਥੋਂ ਤੱਕ ਕਿ ਸਕਿਨ ਕੇਅਰ ਰੁਟੀਨ ਬਾਰੇ ਵੀ ਚਰਚਾ ਹੋਈ। ਪ੍ਰਧਾਨ ਮੰਤਰੀ ਮੋਦੀ ਨੇ ਜਵਾਬ ਦਿੱਤਾ, ÷ਤੁਸੀਂ ਬਹੁਤ ਵਧੀਆ ਕੰਮ ਕੀਤਾ ਹੈ। ਭਾਰਤ ਵਿੱਚ ਕ੍ਰਿਕਟ ਸਿਰਫ਼ ਇੱਕ ਖੇਡ ਨਹੀਂ ਹੈ। ਇੱਕ ਤਰ੍ਹਾਂ ਨਾਲ, ਇਹ ਭਾਰਤ ਦੇ ਲੋਕਾਂ ਦੀ ਜ਼ਿੰਦਗੀ ਬਣ ਗਈ ਹੈ। ਜੇ ਕ੍ਰਿਕਟ ਵਿੱਚ ਕੁਝ ਚੰਗਾ ਹੁੰਦਾ ਹੈ, ਤਾਂ ਭਾਰਤ ਚੰਗਾ ਮਹਿਸੂਸ ਕਰਦਾ ਹੈ ਅਤੇ ਜੇ ਕ੍ਰਿਕਟ ਵਿੱਚ ਥੋੜ੍ਹਾ ਜਿਹਾ ਵੀ ਕੁਝ ਗਲਤ ਹੁੰਦਾ ਹੈ, ਤਾਂ ਪੂਰਾ ਭਾਰਤ ਬੁਰਾ ਮਹਿਸੂਸ ਕਰਦਾ ਹੈ।÷ ਫਿਰ ਪ੍ਰਧਾਨ ਮੰਤਰੀ ਨੇ 'ਪਲੇਅਰ ਆਫ਼ ਦਿ ਟੂਰਨਾਮੈਂਟ' ਦੀਪਤੀ ਸ਼ਰਮਾ ਨੂੰ ਉਸ ਦੇ ਹਨੂਮਾਨ ਟੈਟੂ ਬਾਰੇ ਪੁੱਛਿਆ, ਜੋ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਗਿਆ ਸੀ। ਇਸ ਦੌਰਾਨ ਟਾਪ-ਆਰਡਰ ਬੱਲੇਬਾਜ਼ ਹਰਲੀਨ ਦਿਓਲ ਨੇ ਮੋਦੀ ਨੂੰ ਉਨ੍ਹਾਂ ਦੇ ਸਕਿਨ ਕੇਅਰ ਰੁਟੀਨ ਬਾਰੇ ਪੁੱਛਿਆ ਅਤੇ ਪੂਰਾ ਹਾਲ ਹਾਸੇ ਨਾਲ ਗੂੰਜ ਉੱਠਿਆ। ਇਸ 'ਤੇ ਪ੍ਰਧਾਨ ਮੰਤਰੀ ਨੇ ਖੁੱਲ੍ਹੇ ਦਿਲ ਨਾਲ ਹੱਸਦਿਆਂ ਜਵਾਬ ਦਿੱਤਾ, "ਮੈਂ ਇਨ੍ਹਾਂ ਸਭ ਬਾਰੇ ਨਹੀਂ ਸੋਚਦਾ।

# ਕੇਂਦਰ ਪੰਜਾਬ 'ਵਰਸਿਟੀ ਬਾਰੇ ਹੁਕਮ ਪੂਰੀ ਤਰ੍ਹਾਂ ਵਾਪਸ ਲਵੇ : ਮੁੱਖ ਮੰਤਰੀ

**ਕੇਂਦਰੀ ਪੱਤਰ ਸੰਘਰਸ਼ ਤੋਂ ਲੀਹ ਤੋਂ ਲਾਹੁਣ ਵਾਲਾ ਕਰਾਰ**

ਐਸ. ਕੇ. ਸਕਸੈਨਾ



ਚੰਡੀਗੜ੍ਹ, ਮੁੱਖ ਮੰਤਰੀ ਭਗਵੰਤ ਮਾਨ ਨੇ ਕੇਂਦਰ ਸਰਕਾਰ ਵੱਲੋਂ ਅੱਜ ਪੰਜਾਬ 'ਵਰਸਿਟੀ ਦੀ ਸੈਨੇਟ ਅਤੇ ਸਿੰਡੀਕੇਟ ਦੇ ਪੁਨਰਗਠਨ ਨੂੰ ਲਾਗੂ ਕੀਤੇ ਜਾਣ 'ਤੇ ਲਗਾਈ ਰੋਕ ਦੇ ਸੰਦਰਭ 'ਚ ਕਿਹਾ ਕਿ ਜਦੋਂ ਤੱਕ ਕੇਂਦਰ ਪੰਜਾਬ 'ਵਰਸਿਟੀ ਬਾਰੇ ਹੁਕਮ ਪੂਰੀ ਤਰ੍ਹਾਂ ਵਾਪਸ ਨਹੀਂ ਲੈਂਦੀ, ਪੰਜਾਬੀ ਉਸ ਸਮੇਂ ਤੱਕ ਪਿਛਾਂਹ ਨਹੀਂ ਹਟਣਗੇ। ਮਾਨ ਨੇ ਕੇਂਦਰੀ ਪੱਤਰ ਬਾਰੇ ਕਿਹਾ ਕਿ ਸ਼ਬਦਾਂ ਦਾ ਹੇਰ ਫੇਰ ਕਰਕੇ ਸੰਘਰਸ਼ ਤੋਂ ਭਟਕਾਉਣ ਦੀ ਕੋਸ਼ਿਸ਼ ਕੀਤੀ ਗਈ ਹੈ ਅਤੇ ਕੇਂਦਰ ਅਜਿਹੀਆਂ ਹੋਛੀਆਂ ਹਰਕਤਾਂ ਕਰਕੇ ਲੋਕਾਂ ਨੂੰ ਮੂਰਖ ਬਣਾਉਣ ਤੋਂ ਬਾਜ਼ ਆਵੇ। ਉਨ੍ਹਾਂ ਕਿਹਾ ਕਿ ਕੇਂਦਰ ਦੇ ਸ਼ੱਕੀ ਕਿਰਦਾਰ ਤੋਂ ਪੰਜਾਬੀ ਜਾਣੂ ਹਨ ਅਤੇ ਉਹ ਇਸ ਮਾਮਲੇ 'ਤੇ ਸੰਘਰਸ਼ ਤੋਂ ਭਟਕਣਗੇ ਨਹੀਂ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੰਜਾਬ 'ਵਰਸਿਟੀ ਦੀ ਸੈਨੇਟ ਅਤੇ ਸਿੰਡੀਕੇਟ ਨੂੰ ਗ਼ੈਰਕਾਨੂੰਨੀ ਢੰਗ ਨਾਲ ਭੰਗ ਕੀਤੇ ਜਾਣ ਦੇ ਕੇਂਦਰੀ ਫ਼ੈਸਲੇ ਖ਼ ?ਲਾਫ਼ ਹਰ ਪੱਧਰ 'ਤੇ ਕਾਨੂੰਨੀ ਲੜਾਈ ਲੜੇਗੀ ਅਤੇ ਇਸ ਲੜਾਈ 'ਚ ਉੱਘੇ ਕਾਨੂੰਨਦਾਨਾਂ ਨੂੰ ਸ਼ਾਮਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਪੰਜਾਬ ਵਰਸਿਟੀ ਦੀ ਖ਼ੁਦਮੁਖ਼ਤਿਆਰੀ 'ਤੇ ਸਿੱਧਾ ਹਮਲਾ ਕੀਤਾ ਹੈ ਅਤੇ ਕੇਂਦਰ ਨੇ ਨਿਯਮਾਂ ਦੀ ਅਣਦੇਖੀ ਕਰਕੇ ਇਹ ਕਦਮ ਚੁੱਕਿਆ ਹੈ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਦੇ ਪੰਜਾਬ ਖ਼ ?ਲਾਫ਼ ਚੁੱਕੇ ਜਾ ਕਦਮਾਂ ਚੋਂ ਹੀ ਪੰਜਾਬ ਵਰਸਿਟੀ ਦਾ ਮਾਮਲਾ ਵੀ ਇੱਕ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਇਸ ਮਾਮਲੇ 'ਤੇ ਪੰਜਾਬ ਯੂਨੀਵਰਸਿਟੀ ਦੇ ਕੰਮਕਾਜ ਵਿੱਚ ਆਪਣੇ ਹਿੱਸੇ, ਅਧਿਕਾਰਾਂ ਜਾਂ ਭਾਗੀਦਾਰੀ ਨੂੰ ਕਿਸੇ ਵੀ ਢੰਗ ਨਾਲ ਘਟਾਉਣ ਦੀ ਇਜਾਜ਼ਤ ਕੇਂਦਰ ਸਰਕਾਰ ਨੂੰ ਨਹੀਂ ਦੇਵੇਗੀ। ਉਨ੍ਹਾਂ ਕਿਹਾ ਕਿ ਕੇਂਦਰ ਦੇ ਅਜਿਹੇ ਮਨਮਾਨੇ ਫ਼ੈਸਲਿਆਂ ਖ਼ ?ਲਾਫ਼ ਪੰਜਾਬ ਸਰਕਾਰ ਪੂਰੀ ਤਰ੍ਹਾਂ ਲੋਕਾਂ ਨਾਲ ਖੜੀ ਹੈ।

# ਹਰਿਆਣਾ 'ਚ 25 ਲੱਖ ਜਾਅਲੀ ਵੋਟਾਂ ਭੁਗਤੀਆਂ : ਰਾਹੁਲ

**ਚੋਣ ਕਮਿਸ਼ਨ 'ਤੇ ਭਾਜਪਾ ਨੂੰ ਜਿਤਾਉਣ ਦਾ ਲਾਇਆ ਦੋਸ਼**

ਨਵੀਂ ਦਿੱਲੀ (ਏਜੰਸੀ)-ਕਾਂਗਰਸ ਆਗੂ ਰਾਹੁਲ ਗਾਂਧੀ ਨੇ 'ਵੋਟ ਚੋਰੀ' ਨਾਲ ਸਬੰਧਤ ਇਕ ਹੋਰ ਹਾਈਡਰੋਜਨ ਬੰਬ ਧਮਾਕਾ ਕਰਦਿਆਂ ਅੱਜ ਦੋਸ਼ ਲਾਇਆ ਕਿ ਭਾਜਪਾ ਨੇ 2024 ਦੀਆਂ ਹਰਿਆਣਾ ਵਿਧਾਨ ਸਭਾ ਚੋਣਾਂ 25 ਲੱਖ ਜਾਅਲੀ ਵੋਟਾਂ ਦੇ ਆਧਾਰ 'ਤੇ ਜਿੱਤੀਆਂ ਸਨ। ਉਨ੍ਹਾਂ ਸੂਬੇ ਦੇ ਹਰ ਅੱਠ ਵੋਟਰਾਂ ਵਿੱਚੋਂ ਇੱਕ ਜਾਅਲੀ ਹੋਣ ਦਾ ਦਾਅਵਾ ਕੀਤਾ। ਚੋਣ ਕਮਿਸ਼ਨ 'ਤੇ ਫ਼ਰਜ਼ੀ ਅਤੇ ਜਾਅਲੀ ਵੋਟਰਾਂ ਦੇ ਆਧਾਰ 'ਤੇ ਭਾਜਪਾ ਨੂੰ ਜਿੱਤਣ ਵਿੱਚ ਮਦਦ ਕਰਨ ਦਾ ਦੋਸ਼ ਲਗਾਉਂਦਿਆਂ ਰਾਹੁਲ ਗਾਂਧੀ ਨੇ ਕੁਝ ਵੋਟਰਾਂ ਦੀਆਂ ਤਸਵੀਰਾਂ ਅਤੇ ਰਿਕਾਰਡ ਪੇਸ਼ ਕੀਤੇ ਹਨ ਜਿਨ੍ਹਾਂ ਬਾਰੇ ਉਨ੍ਹਾਂ ਦਾਅਵਾ ਕੀਤਾ ਕਿ ਉਹ ਜਾਅਲੀ ਸਨ। ਉਨ੍ਹਾਂ ਦੋਸ਼ ਲਾਇਆ ਕਿ ਹੁਣ ਭਾਜਪਾ ਨੇ ਚੋਣ ਕਮਿਸ਼ਨ ਦੀ ਮਿਲੀਭੁਗਤ ਨਾਲ ਬਿਹਾਰ 'ਚ 'ਚੋਣਾਂ ਚੋਰੀ' ਕਰਨ ਦੀ ਯੋਜਨਾ ਬਣਾਈ ਹੈ। ਉਨ੍ਹਾਂ ਫ਼ਰਜ਼ੀ ਵੋਟਰਾਂ ਬਾਰੇ ਬਹੁਤ ਸਾਰੀਆਂ ਮਿਸਾਲਾਂ ਦਿੱਤੀਆਂ ਜਿਨ੍ਹਾਂ ਵਿੱਚੋਂ ਇੱਕ ਬ੍ਰਾਜ਼ੀਲੀ ਮਾਡਲ ਬਾਰੇ ਹੈ ਜਿਸ ਦੀਆਂ ਤਸਵੀਰਾਂ ਦੀ ਵਰਤੋਂ ਰਾਈ ਹਲਕੇ ਦੇ 10 ਪੋਲਿੰਗ ਬੂਥਾਂ 'ਤੇ ਕਥਿਤ ਤੌਰ ਉੱਤੇ 22 ਵਾਰ ਕੀਤੇ ਜਾਣ ਦਾ ਦਾਅਵਾ ਕੀਤਾ ਗਿਆ ਹੈ ਜਿਥੇ ਉਸ ਦਾ ਨਾਮ 'ਸੀਮਾ, ਸਵੀਟੀ ਅਤੇ ਸਰਸਵਤੀ' ਵਜੋਂ ਵਰਤਿਆ ਗਿਆ। ਰਾਹੁਲ ਨੇ ਇੱਕ ਹੋਰ ਮਿਸਾਲ ਦਿੱਤੀ ਜੋ ਕਥਿਤ ਤੌਰ 'ਤੇ ਹਰਿਆਣਾ ਦੀਆਂ ਵੋਟਰ ਸੂਚੀਆਂ ਵਿੱਚ 223 ਵਾਰ ਦਿਖਾਈ ਦਿੰਦੀ ਹੈ। ਕਾਂਗਰਸੀ ਆਗੂ ਨੇ ਉੱਤਰ ਪ੍ਰਦੇਸ਼ ਦੇ ਭਾਜਪਾ ਆਗੂਆਂ ਦੇ ਰਿਕਾਰਡ ਵੀ ਪੇਸ਼ ਕੀਤੇ ਜਿਨ੍ਹਾਂ ਨੇ




ਹਰਿਆਣਾ ਵਿੱਚ ਵੋਟ ਪਾਈ। ਉਨ੍ਹਾਂ ਕਿਹਾ, "ਚੋਣ ਕਮਿਸ਼ਨ ਸੂਚੀਆਂ 'ਚੋਂ ਡੁਪਲੀਕੇਟ ਵੋਟਰਾਂ ਨੂੰ ਕਿਉਂ ਨਹੀਂ ਹਟਾਉਂਦਾ? ਕਿਉਂਕਿ ਉਹ ਭਾਜਪਾ ਨੂੰ ਜਿੱਤਣ ਵਿੱਚ ਮਦਦ ਕਰਦੇ ਹਨ।" ਉਨ੍ਹਾਂ ਦੋਸ਼ ਲਗਾਇਆ ਕਿ ਭਾਜਪਾ ਦੀ ਜਿੱਤ ਨੂੰ ਸੁਚਾਰੂ ਬਣਾਉਣ ਲਈ ਇੱਕ ਕੇਂਦਰੀਕ੍ਰਿਤ ਯੋਜਨਾ ਚੱਲ ਰਹੀ ਸੀ। ਗਾਂਧੀ ਨੇ ਕਿਹਾ ਕਿ ਹਰਿਆਣਾ ਦੇ ਸਾਰੇ ਐਗਜ਼ਿਟ ਪੋਲਾਂ ਨੇ ਕਾਂਗਰਸ ਦੀ ਜਿੱਤ ਦੀ ਭਵਿੱਖਬਾਣੀ ਕੀਤੀ ਸੀ ਪਰ ਭਾਜਪਾ ਜਿੱਤ ਗਈ। ਉਨ੍ਹਾਂ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦਾ 6 ਅਕਤੂਬਰ, 2024 ਦਾ ਇੱਕ ਵੀਡੀਓ ਦਿਖਾਇਆ ਜਿੱਥੇ ਉਨ੍ਹਾਂ ਨੂੰ ਇਹ ਕਹਿੰਦੇ ਸੁਣਿਆ ਜਾ ਸਕਦਾ ਹੈ, 'ਭਾਜਪਾ ਰਾਜ ਵਿੱਚ ਇਕਪਾਸੜ ਸਰਕਾਰ ਬਣਾ ਰਹੀ ਹੈ ਅਤੇ ਸਾਡੇ ਕੋਲ ਸਾਰੇ ਪ੍ਰਬੰਧ ਹਨ। ਚਿੰਤਾ ਨਾ ਕਰੋ।' ਉਨ੍ਹਾਂ ਪੁੱਛਿਆ ਕਿ ਸੈਣੀ ਕਿਹੜੇ ਪ੍ਰਬੰਧਾਂ ਦਾ ਜ਼ਿਕਰ ਕਰ ਰਹੇ ਸਨ। ਚੋਣ ਕਮਿਸ਼ਨ 'ਤੇ ਵਿਧਾਨ ਸਭਾ ਦੀਆਂ ਵੋਟਰ ਸੂਚੀਆਂ 'ਚੋਂ 3.5 ਲੱਖ ਕਾਂਗਰਸੀ ਵੋਟਰਾਂ ਦੇ ਨਾਮ ਹਟਾਉਣ ਦਾ ਦੋਸ਼ ਲਗਾਉਂਦਿਆਂ ਉਨ੍ਹਾਂ ਕਿਹਾ ਕਿ ਇਨ੍ਹਾਂ ਵਿੱਚੋਂ ਬਹੁਤ ਸਾਰੇ ਵੋਟਰਾਂ ਨੇ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਵੋਟ ਪਾਈ ਸੀ ਪਰ ਉਨ੍ਹਾਂ ਨੂੰ ਵਿਧਾਨ ਸਭਾ ਚੋਣਾਂ 'ਚ ਵੋਟ ਪਾਉਣ ਦੀ ਇਜਾਜ਼ਤ ਨਹੀਂ ਦਿੱਤੀ ਗਈ। ਉਨ੍ਹਾਂ ਕਿਹਾ ਕਿ ਇਹ ਪ੍ਰਣਾਲੀ ਹੁਣ ਉਦਯੋਗਿਕ ਹੋ ਗਈ ਹੈ ਅਤੇ ਦੂਜੇ ਰਾਜਾਂ ਵਿੱਚ ਵਰਤੀ ਜਾ ਸਕਦੀ ਹੈ। ਗਾਂਧੀ ਨੇ ਕਿਹਾ, "ਅਸੀਂ ਤੁਹਾਨੂੰ ਦਿਖਾਵਾਂਗੇ ਕਿ ਬਿਹਾਰ ਵਿੱਚ ਵੀ ਅਜਿਹਾ ਹੋਵੇਗਾ। ਅਸੀਂ ਇਸ ਵਿਚ ਕੁਝ ਨਹੀਂ ਕਰ ਸਕਦੇ ਕਿਉਂਕਿ ਵੋਟਰ ਸੂਚੀਆਂ ਆਖਰੀ ਸਮੇਂ 'ਤੇ ਆਉਂਦੀਆਂ ਹਨ। ਇਹ ਸੰਵਿਧਾਨ ਅਤੇ ਲੋਕਤੰਤਰ ਨੂੰ ਢਾਹ ਲਾਉਣ ਦਾ ਇੱਕ ਯੋਜਨਾਬੱਧ ਤਰੀਕਾ ਹੈ।" ਕਾਂਗਰਸ ਆਗੂ ਨੇ ਕਿਹਾ ਕਿ ਪ੍ਰਧਾਨ ਮੰਤਰੀ, ਗ੍ਰਹਿ ਮੰਤਰੀ ਅਤੇ ਹਰਿਆਣਾ ਦੇ ਮੁੱਖ ਮੰਤਰੀ ਕਾਨੂੰਨੀ ਰੂਪ ਵਿਚ ਸਰਕਾਰ 'ਚ ਨਹੀਂ ਹਨ। ਉਨ੍ਹਾਂ ਜੈਨ ਜ਼ੀ (1997 ਤੋਂ 2012 ਦਰਮਿਆਨ ਜਨਮੇ ਨੌਜਵਾਨਾਂ) ਨੂੰ ਅਪੀਲ ਕੀਤੀ ਕਿ ਉਹ ਜਮਹੂਰੀਅਤ ਦੀ ਬਹਾਲੀ ਸਬੰਧੀ ਆਪਣੀ ਇੱਛਾ ਨੂੰ ਸ਼ਾਂਤੀਪੂਰਨ ਤਰੀਕੇ ਨਾਲ ਰੱਖਣ। ਰਾਹੁਲ ਨੇ ਕਿਹਾ ਕਿ ਪਾਰਟੀ ਨੇ ਹਰਿਆਣਾ ਵਿਚ 73 ਅਤੇ ਭਾਜਪਾ ਨੇ 7 ਪੋਸਟਲ ਬੈਲੇਟ ਜਿੱਤੀਆਂ ਸਨ।

# ਬੈਲਜੀਅਮ ਦੀ ਸੁਪਰੀਮ ਕੋਰਟ ਵਿੱਚ ਮੇਹੁਲ ਚੋਕਸੀ ਵੱਲੋਂ ਹਵਾਲਗੀ ਨੂੰ ਚੁਣੌਤੀ

**ਪੰਜਾਬ ਨੈਸ਼ਨਲ ਬੈਂਕ ਨਾਲ 13,000 ਕਰੋੜ ਰੁਪਏ ਦੀ ਬੈਂਕ ਕਰਜ਼ਾ 'ਧੋਖਾਧੜੀ' ਕੇਸ ਵਿਚ ਜਾਂਚ ਏਜੰਸੀਆਂ ਨੂੰ ਲੋੜੀਂਦਾ ਹੈ ਚੋਕਸੀ**

ਨਵੀਂ ਦਿੱਲੀ (ਏਜੰਸੀ)-ਭਗੌੜਾ ਹੀਰਾ ਕਾਰੋਬਾਰੀ ਮੇਹੁਲ ਚੋਕਸੀ ਨੇ ਬੈਲਜੀਅਮ ਦੀ ਸੁਪਰੀਮ ਕੋਰਟ ਵਿੱਚ ਐਂਟਵਰਪ ਅਪੀਲ ਕੋਰਟ ਦੇ 17 ਅਕਤੂਬਰ ਦੇ ਹੁਕਮ ਨੂੰ ਚੁਣੌਤੀ ਦਿੱਤੀ ਹੈ ਜਿਸ ਵਿੱਚ ਉਸ ਦੀ ਭਾਰਤ ਨੂੰ ਹਵਾਲਗੀ ਕਰਨ ਲਈ ਕਿਹਾ ਗਿਆ



ਸੀ। ਐਂਟਵਰਪ ਵਿੱਚ ਅਪੀਲ ਕੋਰਟ ਦੇ ਸਰਕਾਰੀ ਵਕੀਲ ਨੇ ਕਿਹਾ ਕਿ ਚੋਕਸੀ ਨੇ 30 ਅਕਤੂਬਰ ਨੂੰ ਇਸ ਹਵਾਲਗੀ ਖ਼ਿਲਾਫ਼ ਚੁਣੌਤੀ ਦੇਣ ਦੀ ਅਪੀਲ ਦਾਇਰ ਕੀਤੀ ਸੀ। ਬੈਲਜੀਅਮ ਦੀ ਐਂਟਵਰਪ ਅਦਾਲਤ ਨੇ ਪਹਿਲਾਂ ਭਗੌੜੇ ਹੀਰਾ ਕਾਰੋਬਾਰੀ ਮੇਹੁਲ ਚੋਕਸੀ ਦੀ ਹਵਾਲਗੀ ਨੂੰ ਹਰੀ ਝੰਡੀ ਦੇ ਦਿੱਤੀ ਸੀ। ਅਦਾਲਤ ਨੇ ਕਿਹਾ ਸੀ ਕਿ ਭਾਰਤ ਦੀ ਉਸ ਦੀ ਗ੍ਰਿਫਤਾਰੀ ਦੀ ਮੰਗ ਜਾਇਜ਼ ਹੈ ਤੇ ਬੈਲਜੀਅਮ ਪੁਲੀਸ ਵਲੋਂ ਉਸ ਨੂੰ ਗ੍ਰਿਫ਼ਤਾਰ ਕਰਨਾ ਵੀ ਸਹੀ ਸੀ। ਐਂਟਵਰਪ ਪੁਲੀਸ ਨੇ ਮੇਹੁਲ ਨੂੰ ਇਸ ਸਾਲ 11 ਅਪਰੈਲ ਨੂੰ ਗ੍ਰਿਫਤਾਰ ਕੀਤਾ ਸੀ। ਜ਼ਿਕਰਯੋਗ ਹੈ ਕਿ ਚੋਕਸੀ ਪੰਜਾਬ ਨੈਸ਼ਨਲ ਬੈਂਕ ਨਾਲ 13,000 ਕਰੋੜ ਰੁਪਏ ਦੀ ਬੈਂਕ ਕਰਜ਼ਾ 'ਧੋਖਾਧੜੀ' ਕੇਸ ਵਿਚ ਜਾਂਚ ਏਜੰਸੀਆਂ ਨੂੰ ਲੋੜੀਂਦਾ ਹੈ। ਚੋਕਸੀ ਦੇ ਬੈਲਜੀਅਮ ਵਿਚ ਹੋਣ ਬਾਰੇ ਪਿਛਲੇ ਸਾਲ ਪਤਾ ਲੱਗਾ ਸੀ।

## ਨੋਵਾ ਸਕੋਸ਼ੀਆ ਤੋਂ ਕੰਜ਼ਰਵੇਟਿਵ ਐੱਮਪੀ ਨੇ ਅਸਤੀਫ਼ਾ ਦੇ ਕੇ ਪਾਰਟੀ ਬਦਲੀ

**ਕੈਨੇਡਾ ਦੀ ਸਿਆਸਤ ਵਿੱਚ ਜੋੜ-ਤੋੜ ਸ਼ੁਰੂ**



ਟੋਰਾਂਟੋ (ਏਜੰਸੀ)-ਕੈਨੇਡਾ ਦੀ ਮਾਰਕ ਕਾਰਨੀ ਸਰਕਾਰ ਨੇ ਬਜਟ ਪੇਸ਼ ਕੀਤੇ ਜਾਣ ਦੇ ਨਾਲ ਹੀ ਬਹੁਮਤ ਵੱਲ ਵੀ ਕਦਮ ਪੁੱਟ ਲਿਆ ਹੈ। ਨੋਵਾ ਸਕੋਸ਼ੀਆ ਤੋਂ ਕੰਜ਼ਰਵੇਟਿਵ ਪਾਰਟੀ ਦੇ ਮੈਂਬਰ ਕ੍ਰਿਸ ਐਂਟਰੀਮੌਂਟ ਨੇ ਪਾਰਟੀ ਤੋਂ ਅਸਤੀਫਾ ਦੇ ਕੇ ਲਿਬਰਲ ਪਾਰਟੀ ਦਾ ਪੱਲਾ ਫੜਨ ਦਾ ਐਲਾਨ ਕਰ ਦਿੱਤਾ। ਇੰਜ ਕੈਨੇਡਿਆਈ ਸਿਆਸਤ ਵਿੱਚ ਵੀ ਟੁੱਟ ਭੱਜ ਦੀ ਸ਼ੁਰੂਆਤ ਹੋ ਗਈ ਹੈ। 169 ਮੈਂਬਰਾਂ ਵਾਲੀ ਘੱਟਗਿਣਤੀ ਕਾਰਨੀ ਸਰਕਾਰ ਨੂੰ ਪੂਰਨ ਬਹੁਮਤ ਲਈ ਤਿੰਨ ਮੈਂਬਰਾਂ ਦੀ ਲੋੜ ਹੈ। ਜੇਕਰ ਬਜਟ ਪਾਸ ਨਾ ਹੋਇਆ ਤਾਂ ਸਰਕਾਰ ਟੁੱਟਣ ਦੇ ਨਾਲ ਹੀ ਮੱਧਕਾਲੀ ਚੋਣਾਂ ਦਾ ਐਲਾਨ ਹੋ ਸਕਦਾ ਹੈ। ਪੇਸ਼ ਹੋਏ ਬਜਟ ਉੱਤੇ ਕੁਝ ਦਿਨ ਬਹਿਸ ਹੋਣ ਤੋਂ ਬਾਅਦ ਇਸ ਨੂੰ ਪਾਸ ਕਰਨ ਲਈ ਬਹੁਮੱਤ ਮੈਂਬਰਾਂ ਦੀ ਲੋੜ ਹੋਏਗੀ। ਕ੍ਰਿਸ ਵਲੋਂ ਪਾਰਟੀ ਬਦਲਣ ਤੋਂ ਬਾਅਦ ਵੀ ਸਰਕਾਰ ਨੂੰ ਦੋ ਮੈਂਬਰਾਂ ਦੀ ਹਮਾਇਤ ਦੀ ਲੋੜ ਪਏਗੀ। ਸਿਆਸੀ ਸੂਝ ਵਾਲੇ ਲੋਕ ਕ੍ਰਿਸ ਵਲੋਂ ਪਾਸਾ ਪਲਟਣ ਨੂੰ ਬਹੁਮੱਤ ਦਾ ਮੁੱਢ ਮੰਨਣ ਲੱਗੇ ਹਨ। ਹੁਣ ਵੇਖਣਾ ਹੋਏਗਾ ਕਿ ਕਾਰਨੀ ਸਰਕਾਰ ਬਜਟ ਪਾਸ ਕਰਾਉਣ ਲਈ ਕਿਸੇ ਹੋਰ ਪਾਰਟੀ ਦਾ ਬਾਹਰੀ ਸਮਰਥਨ ਹਾਸਲ ਕਰਦੀ ਹੈ ਜਾਂ ਕ੍ਰਿਸ ਵਾਂਗ ਕਿਸੇ ਹੋਰ ਜੋੜ ਤੋੜ ਨਾਲ ਬਜਟ ਪਾਸ ਹੁੰਦਾ ਹੈ। ਇਸ ਦਾ ਪਤਾ ਆਉਂਦੇ ਦਿਨਾਂ ਵਿੱਚ ਲੱਗ ਜਾਏਗਾ।

# ਦਿੱਗਜ ਕ੍ਰਿਕਟਰ ਸਮ੍ਰਿਤੀ ਮੰਧਾਨਾ ਅਤੇ ਸੰਗੀਤਕਾਰ ਪਲਾਸ਼ ਮੁਛਾਲ ਦੇ ਵਿਆਹ ਦੀਆਂ ਕਿਆਸਰਾਈਆਂ ਤੇਜ਼

**ਦੋਵੇਂ ਆਪੋ-ਆਪਣੇ ਕਰੀਅਰ 'ਚ ਕਰ ਰਹੇ ਨੇ ਚੰਗਾ ਪ੍ਰਦਰਸ਼ਨ**

ਮੁੰਬਈ (ਏਜੰਸੀ)-ਮਹਿਲਾ ਕ੍ਰਿਕੇਟ ਵਿੱਚ ਆਈਸੀਸੀ ਵਿਸ਼ਵ ਕੱਪ ਜਿੱਤਣ ਵਾਲੀ ਭਾਰਤੀ ਕ੍ਰਿਕੇਟ ਸਟਾਰ ਸਮ੍ਰਿਤੀ ਮੰਧਾਨਾ ਅਤੇ ਸੰਗੀਤਕਾਰ-ਨਿਰਦੇਸ਼ਕ ਪਲਾਸ਼ ਮੁਛਾਲ ਨੇ ਮੈਦਾਨ ਅਤੇ ਸਟੇਜ ਤੋਂ ਬਾਅਦ ਹੁਣ ਨਿੱਜੀ ਜ਼ਿੰਦਗੀ ਵਿੱਚ ਵੀ ਪ੍ਰਸ਼ੰਸਕਾਂ ਦਾ ਦਿਲ ਜਿੱਤ ਲਿਆ ਹੈ। ਸਮ੍ਰਿਤੀ ਅਤੇ ਪਲਾਸ਼ ਨੇ ਆਪਣੇ ਰਿਸ਼ਤੇ ਦੇ ਸ਼ੁਰੂਆਤੀ ਸਾਲਾਂ ਦੌਰਾਨ ਇਸ ਨੂੰ ਮੀਡੀਆ ਦੀਆਂ ਨਜ਼ਰਾਂ ਤੋਂ ਦੂਰ ਰੱਖਿਆ, ਜਦੋਂ ਕਿ ਦੋਵੇਂ ਆਪੋ-ਆਪਣੇ ਕਰੀਅਰ ਵਿੱਚ ਚੰਗਾ ਪ੍ਰਦਰਸ਼ਨ ਕਰ ਰਹੇ ਸਨ। ਉਨ੍ਹਾਂ ਦੇ ਰੋਮਾਂਸ ਬਾਰੇ ਸਿਰਫ਼ ਨਜ਼ਦੀਕੀ ਦੋਸਤ ਅਤੇ ਪਰਿਵਾਰ ਹੀ ਜਾਣਦੇ ਸਨ। ਉਨ੍ਹਾਂ ਦਾ ਰਿਸ਼ਤਾ 2024 ਵਿੱਚ ਉਦੋਂ ਜਨਤਕ ਹੋਇਆ ਜਦੋਂ ਪਲਾਸ਼ ਨੇ ਆਪਣੀ ਪੰਜਵੀਂ ਵਰ੍ਹੇਗੰਢ ਮਨਾਉਂਦੇ ਹੋਏ ਇੰਸਟਾਗ੍ਰਾਮ 'ਤੇ ਇੱਕ ਭਾਵੁਕ ਪੋਸਟ ਸਾਂਝੀ ਕੀਤੀ। ਇਸ ਪੋਸਟ ਨੇ ਉਨ੍ਹਾਂ ਪ੍ਰਸ਼ੰਸਕਾਂ ਦੀਆਂ ਕਿਆਸਅਰਾਈਆਂ ਨੂੰ ਖਤਮ ਕਰ ਦਿੱਤਾ ਜੋ ਲੰਬੇ ਸਮੇਂ ਤੋਂ ਉਨ੍ਹਾਂ ਦੇ ਰਿਸ਼ਤੇ ਬਾਰੇ ਜਾਣਨਾ ਚਾਹੁੰਦੇ ਸਨ। ਮੰਧਾਨਾ ਅਤੇ ਮੁਛਾਲ ਦੋਵਾਂ ਪਰਿਵਾਰਾਂ ਨੇ ਜੋੜੇ ਦਾ ਖੁੱਲ੍ਹ ਕੇ ਸਮਰਥਨ ਕੀਤਾ ਹੈ। ਪਲਾਸ਼ ਦੀ ਭੈਣ, ਪ੍ਰਸਿੱਧ ਗਾਇਕਾ ਪਲਕ ਮੁਛਾਲ, ਨੇ ਸੋਸ਼ਲ ਮੀਡੀਆ 'ਤੇ ਸਮ੍ਰਿਤੀ ਨੂੰ ਸ਼ਾਨਦਾਰ ਕਿਹਾ। ਖ਼ਬਰਾਂ ਮੁਤਾਬਕ ਪਲਾਸ਼ ਨੇ ਇੱਕ ਨਿੱਜੀ ਪਰਿਵਾਰਕ ਇਕੱਠ ਵਿੱਚ ਸਮ੍ਰਿਤੀ ਨੂੰ ਪ੍ਰਪੋਜ਼ ਕੀਤਾ ਅਤੇ ਉਸ ਨੂੰ ਇੱਕ ਰੋਮਾਂਟਿਕ ਗੀਤ ਵੀ ਸਮਰਪਿਤ ਕੀਤਾ। ਉਨ੍ਹਾਂ ਦੀ ਮੰਗਣੀ ਨੂੰ ਗੁਪਤ




ਰੱਖਿਆ ਗਿਆ ਸੀ। ਤਾਜ਼ਾ ਜਾਣਕਾਰੀ (ਅਕਤੂਬਰ 2025) ਅਨੁਸਾਰ ਅਫਵਾਹਾਂ ਹਨ ਕਿ ਜੋੜਾ ਮਹਾਰਾਸ਼ਟਰ ਵਿੱਚ ਸਮ੍ਰਿਤੀ ਦੇ ਗ੍ਰਹਿਨਗਰ ਸਾਂਗਲੀ ਵਿਖੇ ਵਿਆਹ ਦੀ ਯੋਜਨਾ ਬਣਾ ਰਿਹਾ ਹੈ। ਉਮੀਦ ਹੈ ਕਿ ਇਹ ਸਮਾਰੋਹ ਕਈ ਸਿਤਾਰਿਆਂ ਨਾਲ ਭਰਿਆ ਹੋਵੇਗਾ।

# ਸੂਰਿਆ 'ਤੇ 30 ਫੀਸਦੀ ਜੁਰਮਾਨਾ ਰਾਊਫ 'ਤੇ ਦੋ ਮੈਚ ਖੇਡਣ ਦੀ ਪਾਬੰਦੀ

**ਏਸ਼ੀਆ ਕੱਪ ਕ੍ਰਿਕਟ ਟੂਰਨਾਮੈਂਟ 'ਚ ਹੋਇਆ ਸੀ ਵਿਵਾਦ**

ਨਵੀਂ ਦਿੱਲੀ (ਏਜੰਸੀ)-ਭਾਰਤ ਦੇ ਟੀ-20 ਕ੍ਰਿਕਟ ਕਪਤਾਨ ਸੂਰਿਆ ਕੁਮਾਰ ਯਾਦਵ ਅਤੇ ਪਾਕਿਸਤਾਨ ਦੇ ਤੇਜ਼ ਗੇਂਦਬਾਜ਼ ਹੈਰਿਸ ਰਾਊਫ ਨੂੰ ਯੂਏਈ ਵਿੱਚ ਏਸ਼ੀਆ ਕੱਪ ਦੌਰਾਨ ਆਈ.ਸੀ.ਸੀ. ਦੇ ਨਿਯਮਾਂ ਦੀ ਉਲੰਘਣਾ ਦਾ ਦੋਸ਼ੀ ਪਾਇਆ ਗਿਆ ਹੈ। ਇਸ ਕਰ ਕੇ ਆਈ ਸੀ ਸੀ ਨੇ ਸੂਰਿਆ ਕੁਮਾਰ 'ਤੇ ਤੀਹ ਫੀਸਦੀ ਜੁਰਮਾਨਾ ਲਾਇਆ ਹੈ ਜਦਕਿ ਰਾਊਫ ਨੂੰ 4 ਅਤੇ 6 ਨਵੰਬਰ ਨੂੰ ਦੱਖਣੀ ਅਫਰੀਕਾ ਵਿਰੁੱਧ ਇੱਕ ਰੋਜ਼ਾ ਲੜੀ ਦੇ ਦੋ ਮੈਚ ਖੇਡਣ ਤੋਂ ਰੋਕਿਆ ਗਿਆ ਹੈ ਤੇ ਦੋ ਮੈਚਾਂ ਵਿਚ ਉਸ ਦੇ ਵਿਹਾਰ ਕਾਰਨ 30-30 ਫੀਸਦੀ ਜੁਰਮਾਨਾ ਵੀ ਲਾਇਆ ਗਿਆ ਹੈ। ਭਾਰਤੀ ਕਪਤਾਨ ਸੂਰਿਆ ਕੁਮਾਰ 'ਤੇ ਭਾਰਤੀ ਫੌਜ ਦਾ ਸਮਰਥਨ ਕਰਨ ਅਤੇ ਪਹਿਲਗਾਮ ਦਹਿਸ਼ਤੀ ਹਮਲੇ ਦੇ ਪੀੜਤਾਂ ਨਾਲ ਇਕਜੁੱਟਤਾ ਦਿਖਾਉਣ ਵਾਲੀਆਂ ਟਿੱਪਣੀਆਂ ਦੇ ਦੋਸ਼ ਹੇਠ ਉਸ ਦੀ ਮੈਚ ਫੀਸ ਦਾ 30 ਫੀਸਦੀ ਜੁਰਮਾਨਾ ਵੀ ਲਗਾਇਆ ਗਿਆ ਹੈ। ਇਹ ਜੁਰਮਾਨਾ 14 ਸਤੰਬਰ ਨੂੰ ਹੋਏ ਮੈਚ ਲਈ ਲਾਇਆ ਗਿਆ ਹੈ। ਇਸ ਤੋਂ ਇਲਾਵਾ ਭਾਰਤ ਵਿਰੁੱਧ ਇੱਕ ਹੋਰ ਮੈਚ ਵਿੱਚ ਰਾਊਫ ਨੂੰ ਮੁੜ ਧਾਰਾ 2.21 ਦੀ ਉਲੰਘਣਾ ਦਾ ਦੋਸ਼ੀ ਪਾਇਆ ਗਿਆ ਅਤੇ ਉਸ ਦੀ ਮੈਚ ਫੀਸ ਦਾ 30 ਪ੍ਰਤੀਸ਼ਤ ਜੁਰਮਾਨਾ ਲਗਾਇਆ ਗਿਆ ਅਤੇ ਉਸ ਦੇ ਖਾਤੇ ਵਿਚ ਦੋ ਵਾਧੂ ਡੀਮੈਰਿਟ ਅੰਕ ਜੋੜੇ ਗਏ। ਜਸਪ੍ਰੀਤ ਬੁਮਰਾਹ ਨੂੰ ਚਿਤਾਵਨੀ ਦਿੱਤੀ ਗਈ ਹੈ ਜਦੋਂ ਕਿ ਅਰਸ਼ਦੀਪ ਸਿੰਘ ਅਤੇ ਸਾਹਿਬਜ਼ਾਦਾ ਫਰਹਾਨ ਨੂੰ ਬਿਨਾਂ ਕਿਸੇ ਜੁਰਮਾਨੇ ਦੇ ਛੱਡ ਦਿੱਤਾ ਗਿਆ।







# ਵਿਧਾਇਕ ਗੁਰਦੀਪ ਸਿੰਘ ਰੰਧਾਵਾ ਤੇ ਹਲਕਾ ਇੰਚਾਰਜ ਰਮਨ ਬਹਿਲ ਨੇ ਪਿੰਡ ਗੁਣੀਆ ਵਿਖੇ ਛਿੰਝ ਮੇਲੇ ਵਿੱਚ ਸ਼ਿਰਕਤ ਕਰਕੇ ਖਿਡਾਰੀਆਂ ਦੀ ਕੀਤੀ ਹੌਂਸਲਾ ਅਫ਼ਜ਼ਾਈ

ਸੋਨੂ

ਗੁਰਦਾਸਪੁਰ, ਪਿੰਡ ਗੁਣੀਆ ਵਿਖੇ ਧੰਨ ਧੰਨ ਬਾਬਾ ਮੁੱਢ ਸਾਹਿਬ ਜੀ ਦੀ ਯਾਦ ਵਿੱਚ ਸਲਾਨਾ ਛਿੰਝ ਮੇਲਾ ਕਰਵਾਇਆ ਗਿਆ, ਜਿਸ ਵਿੱਚ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਤੇ ਗੁਰਦਾਸਪੁਰ ਹਲਕੇ ਦੇ ਇੰਚਾਰਜ ਰਮਨ ਬਹਿਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਕੁਸ਼ਤੀਆਂ, ਕਬੱਡੀ, ਰੱਸਾਕੱਸੀ ਅਤੇ ਲੜਕੀਆਂ ਦੇ ਕੁਸ਼ਤੀ ਮੁਕਾਬਲੇ ਕਰਵਾਏ ਗਏ। ਇਸ ਮੌਕੇ ਖਿਡਾਰੀਆਂ ਵਲੋਂ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ ਗਿਆ ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਤੇ ਹਲਕਾ ਇੰਚਾਰਜ ਰਮਨ ਬਹਿਲ ਨੇ ਮੇਲਾ ਕਮੇਟੀ ਦੀ ਸਮੁੱਚੀ ਟੀਮ ਦੇ ਕਾਰਜ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਵਲੋਂ ਨੌਜਵਾਨਾਂ ਨੂੰ ਖੇਡਾਂ ਵਾਲੇ ਪਾਸੇ ਤੋਰਨ ਦਾ ਸਫਲ ਉਪਰਾਲਾ ਕੀਤਾ ਗਿਆ ਹੈ, ਜੋ ਸਲਾਹੁਣਯੋਗ ਹੈ। ਉਨ੍ਹਾਂ ਅੱਗੇ ਕਿਹਾ ਕਿ ਸ. ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਵਿਸ਼ੇਸ ਯਤਨ ਕੀਤੇ ਗਏ ਹਨ ਅਤੇ ਸੂਬੇ ਅੰਦਰ ਖੇਡ ਸੱਭਿਆਚਾਰ ਪ੍ਰਫੁੱਲਿਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਤ ਕਰਨ ਲਈ ਵਿਸ਼ੇਸ ਉਪਰਾਲੇ ਕੀਤਾ ਜਾ ਰਹੇ ਹਨ ਅਤੇ ਖੇਡਾਂ ਨੂੰ ਪ੍ਰਫੁੱਲਤ ਕਰਨ ਦੇ ਮੰਤਵ ਨਾਲ ਹੀ ' ਖੇਡਾਂ ਵਤਨ ਪੰਜਾਬ ਦੀਆਂ' ਕਰਵਾਈਆਂ ਗਈਆਂ ਸਨ, ਜਿਸ ਵਿੱਚ ਖਿਡਾਰੀਆਂ ਨੇ ਪੂਰੇ ਉਤਸ਼ਾਹ ਨਾਲ ਹਿੱਸਾ ਲਿਆ ਸੀ। ਉਨਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਨੌਜਵਾਨਾਂ ਨੂੰ ਖੇਡਾਂ ਦਾ ਮਾਹੌਲ ਪ੍ਰਦਾਨ ਕਰਵਾਇਆ ਜਾ ਰਿਹਾ ਹੈ ਤਾਂ ਜੋ ਉਹ ਸਮਾਜਿਕ ਬੁਰਾਈਆਂ ਵੱਲ ਨਾ ਜਾਣ। ਇਸ ਮੌਕੇ ਪ੍ਰਧਾਨ ਸੁਰਿੰਦਰ ਸਿੰਘ ਗੁਣੀਆ, ਦਿਲਬਾਗ ਸਿੰਘ, ਕੈਪਟਨ ਪਲਵਿੰਦਰ ਸਿੰਘ, ਸਰਬਜੀਤ ਸਿੰਘ, ਸੁਲੱਖਣ ਸਿੰਘ ਸਾਬਕਾ ਸਰਪੰਚ ਅਤੇ ਪਿੰਡਾਂ ਦੇ ਲੋਕ ਵੱਡੀ ਗਿਣਤੀ ਵਿੱਚ ਮੌਜੂਦ ਸਨ।

# ਸੈਂਟਰਲ ਕਾਲਜ ਫਾਰ ਵੂਮੈਨ ਘੁਮਾਣ (ਬਰਿਆਰ) ਜ਼ਿਲ੍ਹਾ ਗੁਰਦਾਸਪੁਰ ਵਿਖੇ ਸੱਤ ਰੋਜ਼ਾ ਪੁਸਤਕ ਪ੍ਰਦਰਸ਼ਨੀ ਦਾ ਆਯੋਜਨ

ਰਵਿੰਦਰ ਸਿੰਘ




ਗੁਰਦਾਸਪੁਰ, ਸਿੱਖਿਆ ਦੇ ਖੇਤਰ ਵਿੱਚ ਵੱਡੇ ਮਾਅਰਕੇ ਮਾਰਨ ਵਾਲੀ ਸੰਸਥਾ ਸੈਂਟਰਲ ਕਾਲਜ ਫਾਰ ਵੂਮੈਨ ਘੁਮਾਣ (ਬਰਿਆਰ) ਜ਼ਿਲ੍ਹਾ ਗੁਰਦਾਸਪੁਰ ਵਿਖੇ ਸੱਤ ਰੋਜ਼ਾ ਪੁਸਤਕ ਪ੍ਰਦਰਸ਼ਨੀ ਦਾ ਆਯੋਜਨ ਜਿਲਾ ਭਾਸ਼ਾ ਦਫਤਰ ਗੁਰਦਾਸਪੁਰ ਵੱਲੋਂ ਕੀਤਾ ਗਿਆ ਹੈ ਅਤੇ ਇਸਦਾ ਮੁੱਖ ਮੰਤਵ ਹੈ ਬੱਚਿਆਂ ਨੂੰ ਪੜ੍ਹਨ ਲਈ ਜਾਗਰੂਕ ਕਰਨਾ ਅਤੇ ਮੋਬਾਇਲ ਨਾਲੋਂ ਤੋੜ ਕੇ ਬੱਚਿਆਂ ਨੂੰ ਪੁਸਤਕ ਸੱਭਿਆਚਾਰ ਨਾਲ ਜੋੜਨਾ ਹੈ ਅਤੇ ਇਸ ਸਬੰਧੀ ਇਸ ਸੰਸਥਾ ਅਤੇ ਭਾਸ਼ਾ ਵਿਭਾਗ ਪੰਜਾਬ ਪਟਿਆਲਾ ਨੇ ਬੜਾ ਸਲਾਹੁਣਯੋਗ ਵੱਡਾ ਉਪਰਾਲਾ ਕੀਤਾ ਕਿ ਜ਼ਿਲ੍ਹਾ ਭਾਸ਼ਾ ਦਫਤਰ ਗੁਰਦਾਸਪੁਰ ਨੂੰ 7 ਰੋਜ਼ਾ ਪੁਸਤਕ ਪ੍ਰਦਰਸ਼ਨੀ ਦਾ ਅਵਸਰ ਪ੍ਰਦਾਨ ਕਰਦਿਆਂ ਬੱਚਿਆਂ ਨੂੰ ਪੁਸਤਕਾਂ ਨਾਲ ਜੋੜਨ ਦੀ ਕੋਸ਼ਿਸ਼ ਕੀਤੀ ਹੈ। ਇਸ ਕੜੀ ਦੇ ਤਹਿਤ ਪਹਿਲੇ ਦਿਨ ਭਾਵ 3 ਨਵੰਬਰ, 2025 ਨੂੰ ਲੱਗੀ ਪ੍ਰਦਰਸ਼ਨੀ ਉਸਦਾ ਜਿਹੜਾ ਉਦਘਾਟਨ ਐੱਸ.ਡੀ.ਐੱਮ. ਸ਼੍ਰੀ ਵਿਕਰਮਜੀਤ ਸਿੰਘ, ਬਟਾਲਾ ਵੱਲੋਂ ਕੀਤਾ ਗਿਆ। ਇਸ ਲਈ ਇਸ ਪੁਸਤਕ ਪ੍ਰਦਰਸ਼ਨੀ ਵਿੱਚ ਜ਼ਿਲ੍ਹਾ ਭਾਸ਼ਾ ਦਫਤਰ ਪਠਾਨਕੋਟ ਦੇ ਖੋਜ ਅਫਸਰ ਡਾਕਟਰ ਰਜੇਸ਼ ਕੁਮਾਰ, ਜਿਲਾ ਭਾਸ਼ਾ ਦਫ਼ਤਰ ਗੁਰਦਾਸਪੁਰ ਦੇ ਜੂਨੀਅਰ ਸਹਾਇਕ ਸ੍ਰੀ ਸ਼ਾਮ ਸਿੰਘ ਅਤੇ ਮਨਦੀਪ ਸਿੰਘ ਅਤੇ ਕਾਲਜ ਦਾ ਸਟਾਫ ਸਾਰਾ ਮੌਜੂਦ ਸੀ ਅਤੇ ਇਸ ਮੌਕੇ ਪ੍ਰਿੰਸੀਪਲ ਮੈਡਮ ਸਤਵਿੰਦਰ ਪੰਨੂ ਜੀ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਦੇ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਸ਼ਮੂਲੀਅਤ ਕਰਵਾਈ ਗਈ ਅਤੇ ਵਿਦਿਆਰਥੀਆਂ ਨੇ ਇਸ ਪ੍ਰਦਰਸ਼ਨੀ ਵਿੱਚ ਬਹੁਤ ਦਿਲਚਸਪੀ ਲਈ ਅਤੇ ਆਪਣੀ ਮਨ ਪਸੰਦ ਦੀਆਂ ਕਿਤਾਬਾਂ ਖਰੀਦੀਆਂ। ਹਰ ਤਰ੍ਹਾਂ ਦੀ ਅਤੇ ਹਰ ਵਿਧਾ ਦੀ ਕਿਤਾਬ ਨੂੰ ਪ੍ਰਦਰਸ਼ਨੀ ਵੇਖਣ ਵਾਲਿਆਂ ਨੇ ਬਹੁਤ ਸਰਾਹਿਆ।

# ਪੇਂਡ ਬੇਰੁਜਗਾਰ ਨੋਜਵਾਨਾਂ ਲਈ ਡੇਅਰੀ ਫਾਰਮਿੰਗ ਦਾ ਸਿਖਲਾਈ ਕੋਰਸ 10 ਨਵੰਬਰ ਨੂੰ ਸ਼ੁਰੂ

ਸੋਨੂ, ਰਵਿੰਦਰ ਸਿੰਘ



ਗੁਰਦਾਸਪੁਰ, ਵਰਿਆਮ ਸਿੰਘ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਗੁਰਦਾਸਪੁਰ ਨੇ ਦੱਸਿਆ ਕਿ ਡੇਅਰੀ ਫਾਰਮਰਾਂ ਲਈ 2 ਹਫਤੇ ਦਾ ਡੇਅਰੀ ਸਿਖਲਾਈ ਕੋਰਸ ਮਿਤੀ 10 ਨਵਬੰਰ ਤੋਂ 21 ਨਵਬੰਰ (2 ਹਫਤੇ) ਡੇਅਰੀ ਸਿਖਲਾਈ ਕੇਂਦਰ ਵੇਰਕਾ, ਜਿਲਾ ਅੰਮ੍ਰਿਤਸਰ ਅਤੇ ਗੁਰਦਾਸਪੁਰ ਵਿਖੇ ਚਲਾਇਆ ਜਾਣਾ ਹੈ।

ਜਿਲਾ ਗੁਰਦਾਸਪੁਰ ਨਾਲ ਸਬੰਧਿਤ ਪੇਂਡੂ ਬੇਰੁਜਗਾਰ ਨੋਜਵਾਨ ਲੜਕੇ ਲੜਕੀਆਂ, ਜੋ ਡੇਅਰੀ ਦਾ ਕਿੱਤਾ ਸ਼ੁਰੂ ਕਰਨਾ ਚਾਹੁੰਦੇ ਹਨ, ਡੇਅਰੀ ਸਿਖਲਾਈ ਕੋਰਸ ਵਾਸਤੇ ਦਫਤਰ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ, ਜਿਲਾ ਪ੍ਰਬੰਧਕੀ ਕੰਪਲੈਕਸ, ਬਲਾਕ–ਬੀ, ਚੌਥੀ ਮੰਜਿਲ, ਕਮਰਾ ਨੰ 508 ਵਿਖੇ ਮਿਤੀ 10 ਨਵਬੰਰ 2025 ਤੱਕ ਅਰਜੀਆਂ ਦੇ ਸਕਦੇ ਹਨ।

ਉਨ੍ਹਾਂ ਨੇ ਦੱਸਿਆ ਕਿ ਖੇਤੀ ਵਿੱਚ ਵਿਭਿੰਨਤਾ ਲਿਆਉਣ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਲਈ ਡੇਅਰੀ ਦੇ ਕਿੱਤੇ ਨੂੰ ਸਹਾਇਕ ਧੰਦੇ ਵਜੋਂ ਅਪਨਾਉਣ ਲਈ 2 ਹਫਤੇ ਦੀ ਡੇਅਰੀ ਸਿਖਲਾਈ ਮਿਤੀ 10 ਨਵਬੰਰ ਤੋਂ ਡੇਅਰੀ ਸਿਖਲਾਈ ਤੇ ਵਿਸਥਾਰ ਕੇਂਦਰ, ਵੇਰਕਾ ਜਿਲਾ ਅੰਮ੍ਰਿਤਸਰ ਅਤੇ ਗੁਰਦਾਸਪੁਰ ਵਿਖੇ ਕਰਵਾਈ ਜਾਣੀ ਹੈ। ਇਸ ਸਿਖਲਾਈ ਕੋਰਸ ਵਿੱਚ ਜਿਲਾ ਗੁਰਦਾਸਪੁਰ ਨਾਲ ਸਬੰਧਤ ਬੇਰੁਜਗਾਰ ਨੌਜਵਾਨ ਲੜਕੇ /ਲੜਕੀਆਂ ਜੋ ਘੱਟੋ ਘੱਟ 5 ਵੀਂ ਪਾਸ ਹੋਣ,ਉਮਰ 18 ਤੋਂ 55 ਸਾਲ ਦਰਮਿਆਨ ਹੋਵੇ,ਪੇਂਡੂ ਖੇਤਰ ਨਾਲ ਸਬੰਧਤ ਹੋਣ, ਇਸ ਸਿਖਲਾਈ ਵਿੱਚ ਭਾਗ ਲੈ ਸਕਦੇ ਹਨ।

ਚਾਹਵਾਨ ਲੜਕੇ/ ਲੜਕੀਆਂ ਇਸ ਸਬੰਧੀ ਦਫਤਰ ਡਿਪਟੀ ਡਾਇਰੈਕਟਰ ਡੇਅਰੀ,ਗੁਰਦਾਸਪੁਰ ਨਾਲ ਆਪਣੇ ਅਸਲ ਯੋਗਤਾ ਸਰਟੀਫਿਕੇਟ ਅਤੇ ਪਾਸਪੋਰਟ ਸਾਈਜ ਫੋਟੋ ਅਤੇ ਆਧਾਰ ਕਾਰਡ ਲੈ ਕੇ ਫਾਰਮ ਭਰਵਾ ਸਕਦੇ ਹਨ। ਵਧੇਰੇ ਜਾਣਕਾਰੀ ਲਈ ਫੋਨ ਨੰ 8054800880, 7888850893, 7508973471 ਅਤੇ 9417766062 ਤੇ ਸੰਪਰਕ ਕਰੋ।

# ਸਵ: ਇੰਸਪੈਕਟਰ ਦਲਵਿੰਦਰ ਕੁਮਾਰ ਲਾਲਾ ਦੇ 65ਵੇਂ ਜਨਮ ਦਿਵਸ ਮੌਕੇ ਅੱਖਾਂ ਦਾ ਮੁਫ਼ਤ ਕੈਂਪ

ਸੋਨੂ, ਰਵਿੰਦਰ ਸਿੰਘ



ਗੁਰਦਾਸਪੁਰ, -ਪੰਜਾਬ ਪੁਲਿਸ ਵਿੱਚ ਬਤੌਰ ਇੰਸਪੈਕਟਰ ਆਪਣੀਆਂ ਸੇਵਾਵਾਂ ਨਿਭਾਉਣ ਵਾਲੇ ਸਵਰਗੀ ਇੰਸਪੈਕਟਰ ਦਲਵਿੰਦਰ ਕੁਮਾਰ ਲਾਲਾ ਜੀ ਦੇ 65ਵੇਂ ਜਨਮ ਦਿਵਸ ਦੇ ਮੌਕੇ ਤੇ ਪਰਿਵਾਰ ਵੱਲੋਂ ਇੱਕ ਅੱਖਾਂ ਦਾ ਫਰੀ ਕੈਂਪ ਮੁਹੱਲਾ ਇਸਲਾਮਾਬਾਦ ਵਿਖੇ ਲਗਾਇਆ ਗਿਆ, ਜਿਸ ਵਿੱਚ ਹਲਕਾ ਇੰਚਾਰਜ ਰਮਨ ਬਹਿਲ ਵਿਸ਼ੇਸ਼ ਤੌਰ 'ਤੇ ਪਹੁੰਚੇ। ਜਦ ਕਿ ਐਸ.ਪੀ ਇਨਵੈਸਟੀਗੇਸ਼ਨ ਦਵਿੰਦਰ ਕੁਮਾਰ ਨੇ ਵੀ ਇਸ ਪ੍ਰੋਗਰਾਮ ਦੇ ਵਿੱਚ ਸ਼ਿਰਕਤ ਕੀਤੀ। ਕੈਂਪ ਗੁਰਦਾਸਪੁਰ ਦੀ ਰੇਲਵੇ ਰੋਡ ਸਥਿਤ ਆਰ.ਪੀ ਅਰੋੜਾ ਮੈਡੀਸਿਟੀ ਹਸਪਤਾਲ ਦੇ ਮਾਹਿਰ ਡਾਕਟਰ ਰਾਜਨ ਅਰੋੜਾ ਦੀ ਟੀਮ ਵੱਲੋਂ ਸਰਸਵਤੀ ਸਕੂਲ ਗੁਰਦਾਸਪੁਰ ਮੁਹੱਲਾ ਇਸਲਾਮਾਬਾਦ ਵਿਖੇ ਲਗਾਇਆ ਗਿਆ, ਜਿਸ ਵਿੱਚ ਕਰੀਬ 200 ਤੋਂ ਵੱਧ ਮਰੀਜ਼ਾਂ ਦੀ ਜਾਂਚ ਕੀਤੀ ਗਈ। ਪੱਤਰਕਾਰਾਂ ਨੂੰ ਸੰਬੋਧਿਤ ਹੁੰਦਿਆਂ ਹਲਕਾ ਇੰਚਾਰਜ ਰਮਨ ਬਹਿਲ ਨੇ ਕਿਹਾ ਕਿ ਬਾਲਕਿਸ਼ਨ ਕਾਲੀਆ ਵੱਲੋਂ ਆਪਣੇ ਪਿਤਾ ਦਲਵਿੰਦਰ ਕੁਮਾਰ ਲਾਲਾ ਦੀ ਯਾਦ ਵਿੱਚ ਹਰ ਸਾਲ ਮੈਡੀਕਲ ਕੈਂਪ ਲਗਵਾਇਆ ਜਾਂਦਾ ਹੈ ਜਿਸ ਨਾਲ ਇਸ ਇਲਾਕੇ ਦੇ ਬਹੁਤ ਸਾਰੇ ਲੋਕਾਂ ਨੂੰ ਫਾਇਦਾ ਹੁੰਦਾ ਹੈ। ਉਹਨਾਂ ਕਿਹਾ ਕਿ ਦਲਵਿੰਦਰ ਕੁਮਾਰ ਲਾਲਾ ਨੇ ਬਤੌਰ ਐਸ.ਐਚ.ਓ, ਐਸ.ਐਸ.ਪੀ ਦੇ ਰੀਡਰ ਅਤੇ ਹੋਰ ਵੀ ਕਈ ਪ੍ਰਮੁੱਖ ਅਹੁਦਿਆਂ ਤੇ ਆਪਣੀਆਂ ਸੇਵਾਵਾਂ ਦਿੱਤੀਆਂ ਹਨ। ਜਿਸ ਦੇ ਚਲਦਿਆਂ ਅੱਜ ਵੀ ਲੋਕ ਉਨਾਂ ਦੇ ਕੰਮਾਂ ਨੂੰ ਯਾਦ ਕਰਦੇ ਹਨ। ਅਤੇ ਪਰਿਵਾਰ ਵੱਲੋਂ ਉਹਨਾਂ ਦੀ ਯਾਦ ਨੂੰ ਲਗਾਤਾਰ ਲੋਕਾਂ ਵਿੱਚ ਬਰਕਰਾਰ ਰੱਖਣ ਲਈ ਹਰ ਸਾਲ ਮੈਡੀਕਲ ਕੈਂਪ ਲਗਾਇਆ ਜਾਂਦਾ ਹੈ। ਇਸ ਮੌਕੇ ਪੰਜਾਬ ਪੁਲਿਸ ਦੇ ਐਸ.ਪੀ ਇਨਵੈਸਟੀਗੇਸ਼ਨ ਦਵਿੰਦਰ ਕੁਮਾਰ ਨੇ ਵੀ ਪਰਿਵਾਰ ਦੇ ਇਸ ਕਾਰਜ ਦੀ ਸ਼ਲਾਘਾ ਕੀਤੀ। ਉਨਾਂ ਨੇ ਕਿਹਾ ਕਿ ਪਰਿਵਾਰ ਵੱਲੋਂ ਆਪਣੇ ਪਿਤਾ ਦੀ ਯਾਦ ਵਿੱਚ ਕੈਂਪ ਲਗਾਉਣਾ ਇੱਕ ਚੰਗਾ ਸੁਨੇਹਾ ਹੈ। ਇਸ ਮੌਕੇ ਆਰ.ਪੀ ਅਰੋੜਾ ਹਸਪਤਾਲ ਦੇ ਮਾਹਿਰ ਡਾਕਟਰ ਰਾਜਨ ਅਰੋੜਾ ਨੇ ਦੱਸਿਆ ਕਿ ਕੈਂਪ ਦੇ ਵਿੱਚ ਕਰੀਬ 20 ਪ੍ਰਤੀਸ਼ਤ ਮਰੀਜ਼ ਚਿੱਟੇ ਮੋਤੀਏ ਦੇ ਮਰੀਜ਼ ਨਿਕਲੇ ਹਨ, ਜਿਨਾਂ ਦਾ ਆਪਰੇਸ਼ਨ ਵੀ ਕੀਤਾ ਜਾਵੇਗਾ ਅਤੇ ਬੱਚਿਆਂ ਸਮੇਤ ਬਜ਼ੁਰਗਾਂ ਦੀ ਰੂਟੀਨ ਚੈੱਕ ਅਪ ਕੀਤਾ ਗਿਆ ਜਿਨਾਂ ਨੂੰ ਮੌਕੇ ਤੇ ਹੀ ਦਵਾਈਆਂ ਵੀ ਦਿੱਤੀਆਂ ਗਈਆਂ। ਇਸ ਮੌਕੇ ਰਾਜਕੁਮਾਰ, ਹਰਵਿੰਦਰ ਸੋਨੀ, ਗੋਪਾਲ ਕ੍ਰਿਸ਼ਨ, ਰਜਿੰਦਰ ਨੰਦਾ, ਐਡਵੋਕੇਟ ਮਨੀਸ਼ ਕੁਮਾਰ, ਐਡਵੋਕੇਟ ਲਲਿਤ ਕੁਮਾਰ, ਹਿਤੇਸ਼ ਕੁਮਾਰ, ਰਾਹੁਲ ਮਹਾਜਨ, ਨਿਖਿਲ ਮਹਾਜਨ, ਰਿੰਕੂ ਗਰੋਵਰ, ਵਰਿੰਦਰ ਸਮਿਆਲ, ਜਤਿੰਦਰ ਔਲਖ, ਹਰੀਸ਼ ਕੱਕੜ, ਵਿਸ਼ਾਲ ਕਾਲੀਆ, ਵਿਕਰਮ ਸ਼ਰਮਾ, ਰਜਤ ਕਾਲੀਆ, ਅਨਿਲ ਕਾਲੀਆ, ਸਮੇਤ ਇਲਾਕੇ ਦੇ ਪਤਵੰਤੇ ਸੱਜਣ ਮੌਜੂਦ ਸਨ।

# ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਸਰਦਾਰ ਵਲਭ ਭਾਈ ਪਟੇਲ ਜੀ ਦੇ 150ਵੇਂ ਜਨਮ ਦਿਵਸ 'ਤੇ ਰਾਸ਼ਟਰੀ ਏਕਤਾ ਦਿਵਸ ਮਨਾਇਆ

ਰਵਿੰਦਰ ਸਿੰਘ




ਗੁਰਦਾਸਪੁਰ, - ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਪ੍ਰਿੰਸੀਪਲ ਡਾ. ਅਸ਼ਵਨੀ ਕੁਮਾਰ ਭੱਲਾ ਦੀ ਯੋਗ ਅਗਵਾਈ ਹੇਠ ਸਰਦਾਰ ਵਲਭ ਭਾਈ ਪਟੇਲ ਜੀ ਦੇ 150ਵੇਂ ਜਨਮ ਦਿਵਸ ਦੇ ਅਵਸਰ 'ਤੇ ਰਾਸ਼ਟਰੀ ਏਕਤਾ ਦਿਵਸ ਮਨਾਇਆ ਗਿਆ। ਕਾਰਜ ਦੀ ਸ਼ੁਰੂਆਤ ਸਰਦਾਰ ਪਟੇਲ ਦੀ ਤਸਵੀਰ ਅੱਗੇ ਫੁੱਲਾਂ ਦੇ ਚੜ੍ਹਾਓ ਨਾਲ ਹੋਈ, ਜਿਸ ਵਿੱਚ ਕਾਲਜ ਪ੍ਰਿੰਸੀਪਲ ਡਾ. ਭੱਲਾ, ਸਾਰੇ ਵਿਭਾਗਾਂ ਦੇ ਅਧਿਆਪਕ ਅਤੇ ਵਿਦਿਆਰਥੀ ਸ਼ਾਮਿਲ ਸਨ। ਇਸ ਮੌਕੇ ਸੰਗੀਤ ਵਿਭਾਗ ਦੇ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਭਰੇ ਗੀਤਾਂ ਦਾ ਗਾਇਨ ਕੀਤਾ ਗਿਆ ਜਿਸ ਨੇ ਸਮਾਰੋਹ ਦਾ ਮਾਹੌਲ ਦੇਸ਼-ਭਗਤੀ ਦੇ ਰੰਗ ਨਾਲ ਭਰ ਦਿੱਤਾ। ਇਸ ਤੋਂ ਬਾਅਦ ਸਰੀਰਕ ਸਿੱਖਿਆ ਵਿਭਾਗ ਦੀ ਮੁਖੀ ਪ੍ਰੋ. ਰਾਜ ਕੌਰ ਨੇ ਸਮੂਹ ਵਿਦਿਆਰਥੀਆਂ ਨੂੰ ਰਾਸ਼ਟਰੀ ਏਕਤਾ ਅਤੇ ਦੇਸ਼ ਪ੍ਰਤੀ ਆਪਣੀ ਜ਼ਿੰਮੇਵਾਰੀ ਦੀ ਸਹੁੰ ਚੁਕਵਾਈ। ਕਾਲਜ ਪ੍ਰਿੰਸੀਪਲ, ਐਨ.ਐਸ.ਐਸ. ਤੇ ਐਨ.ਸੀ.ਸੀ. ਇੰਚਾਰਜਾਂ ਦੀ ਅਗਵਾਈ ਹੇਠ 'ਰਨ ਫਾਰ ਯੂਨਿਟੀ' ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਖੇਡ ਮੈਦਾਨ ਦਾ ਪੂਰਾ ਚੱਕਰ ਲਗਾਇਆ। ਇਸ ਰਨ ਦਾ ਮਨੋਰਥ ਆਪਸੀ ਭਾਈਚਾਰੇ, ਏਕਤਾ ਅਤੇ ਸਮਰਸਤਾ ਦੇ ਸੁਨੇਹੇ ਨੂੰ ਪ੍ਰਚਾਰਿਤ ਕਰਨਾ ਸੀ। ਇਸ ਤੋਂ ਉਪਰੰਤ ਕਾਲਜ ਦੇ ਸੈਮੀਨਾਰ ਹਾਲ ਵਿੱਚ ਇੱਕ ਵਿਚਾਰ ਗੋਸ਼ਟੀ ਕਰਵਾਈ ਗਈ ਜਿਸ ਵਿੱਚ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਸਰਦਾਰ ਵਲਭਭਾਈ ਪਟੇਲ ਜੀ ਦੇ ਜੀਵਨ, ਫ਼ਲਸਫੇ ਅਤੇ ਰਾਸ਼ਟਰ ਨਿਰਮਾਣ ਵਿੱਚ ਉਨ੍ਹਾਂ ਦੇ ਅਦੁਤੀਯ ਯੋਗਦਾਨ ਬਾਰੇ ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਪ੍ਰੋ. ਰਾਜ ਕੌਰ, ਡਾ. ਕਰਨਜੀਤ ਸ਼ਰਮਾ, ਡਾ. ਸਰਬਜੀਤ ਸਿੰਘ, ਡਾ. ਸੰਦੀਪ ਕੌਰ ਅਤੇ ਕਈ ਵਿਦਿਆਰਥੀਆਂ ਨੇ ਸਰਦਾਰ ਪਟੇਲ ਜੀ ਦੇ ਜੀਵਨ, ਦਰਸ਼ਨ ਅਤੇ ਦੇਸ਼ ਸੇਵਾ ਉੱਤੇ ਚਾਨਣਾ ਪਾਇਆ। ਸਮਾਰੋਹ ਦੌਰਾਨ ਪ੍ਰਿੰਸੀਪਲ ਡਾ. ਅਸ਼ਵਨੀ ਕੁਮਾਰ ਭੱਲਾ ਜੀ ਨੇ ਆਪਣੇ ਵਿਸਤ੍ਰਿਤ ਸੰਬੋਧਨ ਵਿੱਚ ਕਿਹਾ ਕਿ – "ਸਰਦਾਰ ਪਟੇਲ ਨੇ ਸਾਨੂੰ ਸਿਖਾਇਆ ਕਿ ਏਕਤਾ ਕਿਸੇ ਰਾਜਨੀਤਿਕ ਨਾਅਰਾ ਨਹੀਂ, ਸਗੋਂ ਰਾਸ਼ਟਰ ਦੀ ਰੀੜ੍ਹ ਦੀ ਹੱਡੀ ਹੈ। ਜਦ ਤੱਕ ਏਕਤਾ ਕਾਇਮ ਰਹੇਗੀ, ਭਾਰਤ ਮਜ਼ਬੂਤ ਰਹੇਗਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪੁਸਤਕ ਪੜ੍ਹਨ ਦੀ ਆਦਤ ਪੈਦਾ ਕਰਨ, ਡਿਊਟੀ ਪ੍ਰਤੀ ਸਮਰਪਿਤ ਰਹਿਣ ਅਤੇ ਰਾਸ਼ਟਰੀ ਸੇਵਾ ਭਾਵਨਾ ਨਾਲ ਪ੍ਰੇਰਿਤ ਜੀਵਨ ਜੀਉਣ ਲਈ ਪ੍ਰੇਰਿਤ ਕੀਤਾ। ਸਮਾਰੋਹ ਦੇ ਅੰਤ 'ਤੇ ਡਾ. ਕਰਨਜੀਤ ਸ਼ਰਮਾ ਵੱਲੋਂ ਧੰਨਵਾਦ ਪ੍ਰਗਟ ਕੀਤਾ ਗਿਆ ਅਤੇ ਸਮਾਰੋਹ ਦਾ ਸਮਾਪਨ ਰਾਸ਼ਟਰੀ ਗਾਨ ਨਾਲ ਕੀਤਾ ਗਿਆ। ਪ੍ਰੋ. ਰਾਜ ਕੌਰ ਨੇ ਮੰਚ ਸੰਚਾਲਕ ਦੀ ਭੂਮਿਕਾ ਨਿਭਾਈ।

# ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਗੁਰਦੁਆਰਾ ਯਾਦਗਾਰ ਸ਼ਹੀਦਾਂ ਨਬੀਪੁਰ ਦੀਆਂ ਸੰਗਤਾਂ ਵੱਲੋਂ ਨਗਰ ਕੀਰਤਨ ਸਜਾਇਆ ਗਿਆ

ਸੋਨੂ



ਗੁਰਦਾਸਪੁਰ, ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਕਈ ਦਿਨਾਂ ਤੋਂ ਅੰਮ੍ਰਿਤ ਵੇਲੇ ਪ੍ਰਭਾਤ ਫੇਰੀਆਂ ਕੱਢੀਆਂ ਜਾ ਰਹੀਆਂ ਸਨ। ਇਸ ਸਿਲਸਿਲੇ ਅਧੀਨ ਮਿਤੀ 02 ਨਵੰਬਰ 2025 ਨੂੰ ਗੁਰਦੁਆਰਾ ਯਾਦਗਾਰ ਸ਼ਹੀਦਾਂ, ਨਬੀਪੁਰ ਵੱਲੋਂ ਨਗਰ ਕੀਰਤਨ ਸਜਾਇਆ ਗਿਆ, ਜਿਸ ਦੀ ਅਗਵਾਈ ਸਰਦਾਰ ਨਰਿੰਦਰ ਸਿੰਘ, ਪ੍ਰਧਾਨ ਗੁਰਦੁਆਰਾ ਯਾਦਗਾਰ ਸ਼ਹੀਦਾਂ ਨਬੀਪੁਰ ਨੇ ਕੀਤੀ। ਨਗਰ ਕੀਰਤਨ ਗੁਰਦੁਆਰਾ ਸਾਹਿਬ ਨਬੀਪੁਰ ਤੋਂ ਆਰੰਭ ਹੋ ਕੇ ਹਰਦੋਛਨੀ ਰੋਡ ਰਾਹੀਂ ਹਯਾਤਨਗਰ, ਸਿੱਧੜਾਂ ਜਮੀਰਾਂ, ਬੱਬਰੀ, ਜੀਵਨਵਾਲ-ਬੱਬਰੀ ਗੁਰਦੁਆਰਾ ਸਾਹਿਬ, ਬੱਬਰੀ ਬਾਈਪਾਸ ਅਤੇ ਕਲਾਨੌਰ ਰੋਡ ਰਾਹੀਂ ਹੁੰਦਾਂ ਹੋਇਆ ਵਾਪਸ ਗੁਰਦੁਆਰਾ ਸਾਹਿਬ ਨਬੀਪੁਰ ਵਿਖੇ ਸਮਾਪਤ ਹੋਇਆ। ਰਸਤੇ ਵਿੱਚ ਵੱਖ-ਵੱਖ ਪਿੰਡਾਂ ਦੇ ਗੁਰਦੁਆਰਾ ਸਾਹਿਬਾਂ ਅਤੇ ਸੰਗਤਾਂ ਵੱਲੋਂ ਨਗਰ ਕੀਰਤਨ ਦੀ ਸੰਗਤ ਲਈ ਚਾਹ-ਪਕੌੜੇ, ਦੁੱਧ ਅਤੇ ਹੋਰ ਪਦਾਰਥਾਂ ਦੇ ਲੰਗਰਾਂ ਨਾਲ ਸੇਵਾ ਕੀਤੀ ਗਈ। ਇਸ ਨਗਰ ਕੀਰਤਨ ਦੌਰਾਨ ਬੱਚਿਆਂ ਅਤੇ ਨੌਜਵਾਨ ਸੰਗਤਾਂ ਵੱਲੋਂ ਸ਼ਾਨਦਾਰ ਘੱਤਕਾ ਕਲਾ ਦਾ ਪ੍ਰਦਰਸ਼ਨ ਕੀਤਾ ਗਿਆ, ਜਿਸ ਨੇ ਹਾਜ਼ਰ ਸੰਗਤ ਦਾ ਮਨ ਮੋਹ ਲਿਆ। ਨੌਜਵਾਨਾਂ ਦੇ ਜੋਸ਼ ਤੇ ਬੱਚਿਆਂ ਦੀ ਉਤਸ਼ਾਹ ਭਰੀ ਭਾਗੀਦਾਰੀ ਦੇ ਦਰਸ਼ਨ ਕਰ ਸੰਗਤਾਂ ਨੇ ਖੁਸ਼ੀ ਅਤੇ ਸ਼ਰਧਾ ਨਾਲ ਬੋਲੇ ਸੋ ਨਿਹਾਲ ਸਤ ਸ੍ਰੀ ਅਕਾਲ ਦੀ ਗੂੰਜ ਨਾਲ ਪੂਰੇ ਮਾਹੌਲ ਨੂੰ ਰੂਹਾਨੀ ਰੰਗਾਂ ਨਾਲ ਰੰਗ ਦਿੱਤਾ। ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਚਾ ਮਿਤੀ 03 ਨਵੰਬਰ ਨੂੰ ਗੁਰਦੁਆਰਾ ਸਾਹਿਬ ਨਬੀਪੁਰ ਵਿਖੇ ਸ੍ਰੀ ਆਖੰਡ ਪਾਠ ਸਾਹਿਬ ਦਾ ਆਰੰਭ ਕੀਤਾ ਗਿਆ ਹੈ, ਜਿਸ ਦੇ ਭੋਗ 05 ਨਵੰਬਰ ਨੂੰ ਪੈਣਗੇ। ਭੋਗ ਉਪਰੰਤ ਗੁਰਬਾਣੀ ਕਥਾ ਤੇ ਕੀਰਤਨ ਰਾਹੀਂ ਰਾਗੀ ਜਥੇ ਸੰਗਤਾਂ ਨੂੰ ਨਿਹਾਲ ਕਰਨਗੇ। ਬਾਅਦ ਵਿੱਚ ਗੁਰੂ ਦਾ ਅਟੁੱਟ ਲੰਗਰ ਵਰਤਾਇਆ ਜਾਵੇਗਾ। ਇਸ ਪਵਿੱਤਰ ਨਗਰ ਕੀਰਤਨ ਵਿੱਚ ਬਹੁਤ ਸਾਰੀਆਂ ਸੰਗਤਾਂ ਨੇ ਭਾਗ ਲਿਆ, ਜਿਨ੍ਹਾਂ ਵਿੱਚ ਕੁਲਦੀਪ ਸਿੰਘ, ਗੁਰਮੀਤ ਸਿੰਘ, ਹਰਪਾਲ ਸਿੰਘ,ਪਰਮਜੀਤ ਸਿੰਘ, ਗੁਰਦੇਵ ਸਿੰਘ, ਰਣਜੀਤ ਸਿੰਘ ਸਮੇਤ ਨੌਜਵਾਨਾਂ ਅਤੇ ਬੀਬੀਆਂ ਨੇ ਵੀ ਸ਼ਰਧਾ ਨਾਲ ਹਿੱਸਾ ਲਿਆ

# ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਦਾ ਰਮਨ ਬਹਿਲ ਅਤੇ ਉਨ੍ਹਾਂ ਦੇ ਪਰਿਵਾਰ ਵਲੋਂ ਭਰਵਾਂ ਸਵਾਗਤ

## ਗੁਰੂ ਚਰਨਾਂ ਵਿੱਚ ਨਤਮਸਤਕ ਹੋ ਕਿ ਲਿਆ ਆਸ਼ੀਰਵਾਦ

ਸੋਨੂ, ਰਵਿੰਦਰ ਸਿੰਘ



ਗੁਰਦਾਸਪੁਰ, ਗੁਰਦਾਸਪੁਰ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ ਗਿਆ। ਇਸ ਮੌਕੇ ਗੁਰਦਾਸਪੁਰ ਹਲਕੇ ਦੇ ਇੰਚਾਰਜ ਰਮਨ ਬਹਿਲ ਅਤੇ ਉਨ੍ਹਾਂ ਦੇ ਪਰਿਵਾਰ ਵਲੋਂ ਆਪਣੇ ਘਰ ਨੇੜੇ ਨਗਰ ਕੀਰਤਨ ਪਹੁੰਚਣ ਦਾ ਭਰਵਾਂ ਸਵਾਗਤ ਕੀਤਾ ਗਿਆ ਤੇ ਗੁਰੂ ਜੀ ਦੇ ਚਰਨਾਂ ਵਿੱਚ ਨਤਮਸਤਕ ਹੋ ਕੇ ਆਸ਼ੀਰਵਾਦ ਲਿਆ। ਇਸ ਮੌਕੇ ਉਨ੍ਹਾਂ ਭਾਰਤ ਵਿਕਾਸ ਪਰੀਸ਼ਦ ਗੁਰਦਾਸਪੁਰ ਦੇ ਨਾਲ ਮਿਲਕੇ ਨਗਰ ਕੀਰਤਨ ਵਿੱਚ ਸ਼ਾਮਲ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ। ਉਨ੍ਹਾਂ ਵਲੋਂ ਪੰਜ ਪਿਆਰੇ ਸਾਹਿਬਾਨਾਂ ਨੂੰ ਸਿਰੋਪਾਓ ਭੇਂਟ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਰਮਨ ਬਹਿਲ ਨੇ ਕਿਹਾ ਕਿ ਹਰ ਸਾਲ ਗੁਰਦਾਸਪੁਰ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਵੱਡੇ ਪੱਧਰ 'ਕੇ ਸੰਗਤਾਂ ਵਲੋਂ ਨਗਰ ਕੀਰਤਨ ਸਜਾਇਆ ਜਾਂਦਾ ਹੈ, ਜਿਸ ਵਿੱਚ ਸੰਗਤਾਂ ਹੁੰਮ ਹੁੰਮਾ ਕੇ ਦਰਸ਼ਨ ਕਰਨ ਲਈ ਪਹੁੰਚਦੀਆਂ ਹਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਪੂਰੀ ਮਾਨਵਤਾ ਨੂੰ ਆਪਸੀ ਪਿਆਰ ਤੇ ਭਲਾਈ ਦਾ ਸੰਦੇਸ਼ ਦਿੰਦੀਆਂ ਹਨ ਅਤੇ ਉਨ੍ਹਾਂ ਵਲੋਂ ਦਰਸਾਏ ਮਾਰਗ 'ਤੇ ਚੱਲ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ ਜਾ ਸਕਦੀਆਂ ਹਨ। ਗੁਰੂ ਜੀ ਨੇ ਦੁਨੀਆਂ ਨੂੰ ਕਿਰਤ ਕਰੋ, ਨਾਮ ਜਪੋ ਤੇ ਵੰਡ ਛਕੋ ਦਾ ਮਹਾਨ ਸੰਦੇਸ਼ ਦਿੱਤਾ, ਜੋ ਹਮੇਸ਼ਾ ਮਾਨਵਤਾ ਲਈ ਪ੍ਰੇਰਨਾ ਸਰੋਤ ਹੈ।

# ਭਾਰਤ ਰਤਨ ਵੱਲਭ ਭਾਈ ਪਟੇਲ ਜੀ ਦੀ 150ਵੀਂ ਜਯੰਤੀ ਮੌਕੇ ਗੁਰਦਾਸਪੁਰ ਵਿਖੇ ਏਕਤਾ ਯਾਤਰਾ ਕੱਢੀ ਗਈ

ਸੋਨੂ, ਰਵਿੰਦਰ




ਗੁਰਦਾਸਪੁਰ, ਜ਼ਿਲ੍ਹਾ ਭਾਜਪਾ ਗੁਰਦਾਸਪੁਰ ਵਿਖੇ ਲੋਕ ਸਭਾ ਇੰਚਾਰਜ਼ ਅਤੇ ਸਾਬਕਾਂ ਡਿਪਟੀ ਸਪੀਕਰ ਸ਼ ?ਰੀ ਦਿਨੇਸ਼ ਸਿੰਘ ਬੱਬੂ ਜੀ ਦੀ ਵਿਸ਼ੇਸ਼ ਮੌਜ਼ੂਦਗੀ ਵਿੱਚ ਲੋਹ ਪੁਰਸ਼ ਭਾਰਤ ਰਤਨ ਸਰਦਾਰ ਵੱਲਭ ਭਾਈ ਪਟੇਲ ਜੀ ਦੀ 150ਵੀਂ ਜਨਮ ਜਯੰਤੀ ਮੌਕੇ ਗੁਰਦਾਸਪੁਰ ਵਿੱਖੇ ਏਕਤਾ ਯਾਤਰਾ ਕੱਢੀ ਗਈ। ਇਸ ਯਾਤਰਾ ਦਾ ਮੁੱਖ ਉਦੇਸ਼ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਕਾਇਮ ਰੱਖਣਾ ਹੈ। ਇਸ ਯਾਤਰਾ ਵਿੱਚ ਮੰਡਲਾ ਦੇ ਪ੍ਰਧਾਨ ਅਤੇ ਜ਼ਿਲ੍ਹਾ ਅਹੁਦੇਦਾਰ ਅਤੇ ਭਾਰੀ ਗਿਣਤੀ ਵਿੱਚ ਵਰਕਰ ਤੇ ਸਮਰਥਕ ਹਾਜ਼ਰ ਸਨ।ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਕਾਦੀਆਂ ਤੋਂ ਕੁਲਵਿੰਦਰ ਕੌਰ ਗੁਰਾਇਆ ਜੀ ਵਿਸ਼ੇਸ਼ ਤੌਰ ਤੇ ਮੌਜੂਦ ਰਹੇ। ਉਨ੍ਹਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਉਨ੍ਹਾਂ ਦੇ ਦੁਆਰਾ ਦਿਖਾਏ ਗਏ ਨਕਸ਼ੇ ਕਦਮਾਂ

# ਸਿਵਲ ਹਸਪਤਾਲ ਪਠਾਨਕੋਟ ਤੇ CHSC ਘਰੋਟਾ ਹਸਪਤਾਲ ਦੇ ਵੱਲੋਂ ਲਗਾਇਆ ਗਿਆ ਬਜ਼ੁਰਗਾਂ ਦੇ ਵਿਹੜੇ ਵਿੱਚ ਮੁਫਤ ਜਰਨਲ ਮੈਡੀਕਲ ਚੈੱਕਅਪ ਕੈਂਪ

ਐਸ. ਕੇ. ਸਕਸੈਨਾ

ਗੁਰਦਾਸਪੁਰ, ਬਜ਼ੁਰਗਾਂ ਦਾ ਵਿਹੜਾ ਆਦਰਸ਼ ਬਿਰਧ ਆਸ਼ਰਮ ਝਾਖੋਲਾੜੀ ਪਠਾਨਕੋਟ ਜੋ ਕਿ ਪਿਛਲੇ ਚਾਰ ਸਾਲ ਤੋਂ ਮਾਨਵਤਾ ਦੀ ਸੇਵਾ ਵਿੱਚ ਆਪਣਾ ਯੋਗਦਾਨ ਦੇ ਰਿਹਾ ।ਜਿਸ ਦੇ ਵਿੱਚ ਅੱਜ ਸਿਵਲ ਹਸਪਤਾਲ ਪਠਾਨਕੋਟ ਅਤੇ ਸੀਐਚਐਸਸੀ ਹਸਪਤਾਲ ਘਰੋਟਾ ਦੀ ਟੀਮ ਨੇ ਮਿਲ ਕੇ ਲਗਾਇਆ ਜਰਨਲ ਮੈਡੀਕਲ ਕੈਂਪ । ਜਿਸ ਵਿੱਚ ਡਾਕਟਰ ਤਨਵੀ ਬਰਦਵਾਜ ਅਤੇ ਮਮਤਾ ਮਹਾਜਨ ਸੀਮਾ ਚੌਧਰੀ ਜੀ ਪਹੁੰਚੇ ਸਨ। ਉਹਨਾਂ ਨੇ ਬਜ਼ੁਰਗਾਂ ਦੇ ਨਾਲ ਦੁੱਖ ਸਾਂਝੇ ਕੀਤੇ ਉਹਨਾਂ ਦਾ ਹਾਲ ਚਾਲ ਜਾਣਿਆ । ਫਿਰ ਇਸ ਦੇ ਨਾਲ ਹੀ ਉਹਨਾਂ ਨੇ ਸ਼ੂਗਰ ਅਤੇ ਬੀ ਪੀ ਦੇ ਟੈਸਟ ਵੀ ਕੀਤੇ ।ਡਾਕਟਰ ਕਿਰਨ ਅਤੇ ਡਾਕਟਰ ਤਨਵੀ ਜੀ ਨੇ ਬਜ਼ੁਰਗਾਂ ਨੂੰ ਕਿਹਾ ਜੋ ਕੁੱਝ ਵੀ ਤੁਹਾਡੇ ਨਾਲ ਪਿੱਛੇ ਬੀਤਿਆ ਹੈ। ਤੁਹਾਨੂੰ ਉਸਨੂੰ ਰੱਬ ਦਾ ਭਾਣਾ ਸਮਝ ਕੇ ਭੁੱਲ ਜਾਣਾ ਚਾਹੀਦਾ ਹੈ। ਕਿਉਂਕਿ ਇਹ ਸਭ ਪਰਮਾਤਮਾ ਦਾ ਹੀ ਲਿਖਿਆ ਹੁੰਦਾ ਹੈ। ਜਿਸ ਕਰਕੇ ਸਾਨੂੰ ਹਮੇਸ਼ਾ ਪ੍ਰਮਾਤਮਾ ਦਾ ਸ਼ੁਕਰ ਕਰਨਾ ਚਾਹੀਦਾ ਹੈ। ਫਿਰ ਡਾਕਟਰ ਨੇ ਬਜ਼ੁਰਗਾਂ ਨੂੰ ਇਹ ਵੀ ਕਿਹਾ ਕਿ ਤੁਹਾਡਾ ਵੀ ਨਿਜੀ ਫਰਜ਼ ਬੰਦਾ ਹੈ ਕਿ ਤੁਸੀਂ ਸਮੇਂ-ਸਮੇਂ ਤੇ ਦਵਾਈ ਲਓ ਅਤੇ ਤੰਦਰੁਸਤ ਰਹੋ। ਇਸ ਦੇ ਨਾਲ ਹੀ ਡਾਕਟਰ CHSC ਘਰੋਟੇ ਦੀ ਸਾਰੀ ਟੀਮ ਨੇ ਆਸ਼ਰਮ ਵਿੱਚ ਕੀਟਨਾਸ਼ਕ ਸਪਰੇ ਕੀਤੀ ਉਹਨਾਂ ਨੇ ਕਿਹਾ ਕਿ ਪਾਣੀ ਵਾਰਿਸ ਹੋਣ ਕਰਕੇ ਹੜ ਆਉਣ ਕਰਕੇ ਜਿਹੜਾ ਇੱਕਠਾ ਹੋ ਗਿਆ ਹੈ। ਜਿਸ ਦੇ ਕਾਰਨ ਭਿਆਨਕ ਬਿਮਾਰੀਆਂ ਤੇ ਤਿਆਰ ਹੋ ਸਕਦੀਆਂ ਹਨ ਜਿਵੇਂ ਡੇਂਗੂ, ਮਲੇਰੀਆ ,ਵਰਗੀਆਂ ਭਿਆਨਕ ਬਿਮਾਰੀਆਂ ਵੀ ਲੱਗ ਸਕਦੀਆਂ ਹਨ ਇਸ ਕਰਕੇ ਸਾਨੂੰ ਆਪਣੀ ਸਿਹਤ ਦਾ ਧਿਆਨ ਰੱਖਣਾ ਚਾਹੀਦਾ ਹੈ ਅਤੇ ਇਸ ਦੇ ਨਾਲ ਨਾਲ ਸਾਨੂੰ ਆਪਣੇ ਆਲੇ ਦੁਆਲੇ ਦਾ ਵੀ ਧਿਆਨ ਰੱਖਣਾ ਚਾਹੀਦਾ ਹੈ।। ਕਿਉਂਕਿ ਜਾਨ ਹੈ ਤਾਂ ਜਹਾਨ ਹੈ।। ਫਿਰ ਆਈ ਹੋਈ ਸਾਰੀ ਟੀਮ ਨੇ ਆਸ਼ਰਮ ਪ੍ਰਬੰਧਕਾਂ ਨੂੰ ਕਿਹਾ ਕਿ ਇਥੇ ਤੁਹਾਡੇ ਸਾਰੇ ਹੀ ਬਜ਼ੁਰਗ ਬਹੁਤ ਖੁਸ਼ ਨਜ਼ਰ ਆ ਰਹੇ ਹਨ ।ਅਸੀਂ ਪੰਜਾਬ ਦੇ ਹੋਰ ਵੀ ਬਹੁਤ ਸਾਰੇ ਬ੍ਰਿਧ ਘਰਾਂ ਵਿੱਚ ਜਾਂਦੇ ਹਾਂ। ਪਰ ਜੋ ਖੁਸ਼ੀ ਸਾਨੂੰ ਇਸ ਬਿਰਧ ਘਰ ਵਿੱਚ ਆ ਕੇ ਮਿਲ ?ਦੀ ਹੈ ਅਸੀਂ ਉਸਨੂੰ ਆਪਣੇ ਸ਼ਬਦਾਂ ਦੇ ਰਾਹੀਂ ਬਿਆਨ ਨਹੀਂ ਕਰ ਸਕਦੇ ।ਸਾਰੀ ਗੱਲਬਾਤ ਸੁਣਨ ਤੋਂ ਬਾਅਦ ਉਹਨਾਂ ਨੇ ਆਸ਼ਰਮ ਸੁਪਰਡੈਂਟ ਮੈਡਮ ਅੰਜਲੀ ਸ਼ਰਮਾ ਜੀ ਨੂੰ ਕਿਹਾ ਕਿ ਅਸੀਂ ਤੁਹਾਨੂੰ ਇਹਨਾਂ ਬਜ਼ੁਰਗਾਂ ਦੀ ਫ ?ਰੀ ਦਵਾਇਆ ਵੀ ਮੁਹਈਆ ਕਰਵਾਵਾਂਗੇ। ਇਸ ਦੇ ਨਾਲ ਉਹਨਾਂ ਨੇ ਇਹ ਵਾਅਦਾ ਵੀ ਕੀਤਾ ਕਿ ਅਸੀਂ ਹਮੇਸ਼ਾ ਹੀ ਤੁਹਾਡੇ ਨਾਲ ਜੁੜੇ ਰਵਾਂਗੇ ਤੇ ਬਜ਼ੁਰਗਾਂ ਦੀ ਸੇਵਾ ਮਿਲ ਜੁਲ ਕੇ ਕਰਾਂਗੇ। ਫਿਰ ਆਈ ਹੋਈ ਟੀਮ ਦਾ ਆਸ਼ਰਮ ਪ੍ਰਬੰਧਕ/ਸੁਪਰਡੈਂਟ ਮੈਡਮ ਅੰਜਲੀ ਸ਼ਰਮਾ ਅਤੇ ਪ੍ਰਧਾਨ ਸ੍ਰੀ ਸਤਨਾਮ ਸਿੰਘ ਸਤਨਾਮ ਸਿੰਘ ਜੀ ਹੋਣਾਂ ਨੇ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਤੇ ਆਸ਼ਰਮ ਸਮੂਹ ਸਟਾਫ ਕੁਆਰਡੀਨੇਟਰ ਮੈਡਮ ਇੰਦਰਜੀਤ ਕੌਰ ,ਸਵਿਤਾ ,ਰੂਪ ਰਾਣੀ ,ਰਾਜ ਰਾਣੀ ,ਪੂਜਾ ਦੇਵੀ, ਕਮਲੇਸ਼ ਕੁਮਾਰੀ, ਰਮੇਸ਼ ਚੰਦਰ ,ਵਿਪਨ ਕੁਮਾਰ ਆਦਿ ਮੌਜੂਦ ਸਨ।






# 39ਵੇਂ ਸੂਰਜਕੁੰਡ ਕੌਮਾਂਤਰੀ ਕ੍ਰਾਫਟ ਮੇਲਾ -2026 ਦੀ ਤਿਆਰੀਆਂ ਸ਼ੁਰੂ

## 31 ਜਨਵਰੀ ਤੋਂ 15 ਫਰਵਰੀ ਤੱਕ ਹੋਵੇਗਾ ਆਯੋਜਨ, 1 ਦਸੰਬਰ ਤੋਂ ਸਟਾਲ ਅਲਾਟ ਪ੍ਰਕ੍ਰਿਆ ਸ਼ੁਰੂ

ਪੰਕਜ

ਚੰਡੀਗੜ੍ਹ, ਹਰਿਆਣਾ ਸੈਰ-ਸਪਾਟਾ ਵਿਭਾਗ ਵੱਲੋਂ 39ਵੇਂ ਸੂਰਜਕੁੰਡ ਕੌਮਾਂਤਰੀ ਕ੍ਰਾਫਟ ਮੇਲਾ 2026 ਦੀ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਇਸ ਸਿਲਸਿਲੇ ਵਿੱਚ ਹਰਿਆਣਾ ਸੈਰ-ਸਪਾਟਾ ਨਿਗਮ ਦੇ ਪ੍ਰਬੰਧ ਨਿਦੇਸ਼ਕ ਅਤੇ ਸੂਰਕੁੰਡ ਮੇਲਾ ਅਥਾਰਿਟੀ ਦੇ ਮੁੱਖ ਪ੍ਰਸਾਸ਼ਕ ਡਾ. ਸ਼ਾਲੀਨ ਦੀ ਅਗਵਾਈ ਹੇਠ ਸ਼ੁਕਰਵਾਰ ਨੂੰ ਪੰਚਕੂਲਾ ਵਿੱਚ ਇੱਕ ਮਹਤੱਵਪੂਰਣ ਮੀਟਿੰਗ ਆਯੋਜਿਤ ਕੀਤੀ ਗਈ, ਜਿਸ ਵਿੱਚ ਵਿਭਾਗ ਦੇ ਆਲਾ ਅਧਿਕਾਰੀਆਂ ਨੇ ਹਿੱਸਾ ਲਿਆ। ਮੀਟਿੰਗ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ, ਗਤੀਵਿਧੀ ਪ੍ਰਮੁੱਖਾਂ ਅਤੇ ਆਯੋਜਨ ਕਮੇਟੀ ਦੇ ਮੈਂਬਰਾਂ ਨੇ ਹਿੱਸਾ ਲਿਆ। ਮੀਟਿੰਗ ਵਿੱਚ ਅਗਾਮੀ ਮੇਲੇ ਦੀ ਰੂਪਰੇਖਾ, ਤਿਆਰੀਆਂ ਦੀ ਪ੍ਰਗਤੀ, ਬੁਨਿਆਦੀ ਢਾਂਚੇ ਦੇ ਸੁਧਾਰ ਕੰਮ, ਸਭਿਆਚਾਰਕ ਪ੍ਰੋਗਰਾਮਾਂ ਦੀ ਯੋਜਨਾ, ਕਲਾਕਾਰਾਂ ਅਤੇ ਸ਼ਿਲਪਕਾਰਾਂ ਦੀ ਭਾਗੀਦਾਰੀ ਨਾਲ ਜੁੜੇ ਵਿਸ਼ਿਆਂ 'ਤੇ ਵਿਸਤਾਰ ਚਰਚਾ ਕੀਤੀ ਗਈ। ਡਾ. ਸ਼ਾਲੀਨ ਨੇ ਸਾਰੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਆਪਣੀ-ਆਪਣੀ ਜਿਮੇਵਾਰੀਆਂ ਅਨੁਰੂਪ ਤਿਆਰੀ ਕੰਮ ਜਲਦੀ ਪੂਰਾ ਕਰਨ, ਤਾਂ ਜੋ ਮੇਲਾ-2026 ਦਾ ਆਯੋਜਨ ਹੋਰ ਵੱਧ ਆਕਰਸ਼ਕ, ਸਹੀ ਢੰਗ ਅਤੇ ਕੌਮਾਂਤਰੀ ਪੱਧਰ ਦੇ ਮਾਨਕਾਂ ਦੇ ਅਨੁਰੂਪ ਕੀਤਾ ਜਾ ਸਕੇ। ਉਨ੍ਹਾਂ ਨੇ ਕਿਹਾ ਕਿ ਸੂਰਜਕੁੰਡ ਮੇਲਾ ਹਰਿਆਣਾ ਹੀ ਨਹੀਂ ਸਗੋਂ ਪੂਰੇ ਦੇਸ਼ ਦੀ ਸਭਿਆਚਾਰਕ ਵਿਰਾਸਤ, ਲੋਕ ਕਲਾ ਅਤੇ ਹੈਂਡੀਕ੍ਰਾਫਟ ਰਿਵਾਇਤ ਦਾ ਪ੍ਰਤੀਕ ਹੈ। ਆਖੀਰ ਇਸ ਦੀ ਤਿਆਰੀਆਂ ਵਿੱਚ ਕੋਈ ਵੀ ਕਮੀਨ ਨਹੀਂ ਰਹਿਣੀ ਚਾਹੀਦੀ ਹੈ। ਉਨ੍ਹਾਂ ਨੇ ਦਸਿਆ ਕਿ ਇਸ ਵਾਰ ਮੇਲੇ ਵਿੱਚ ਦੇਸ਼ ਦੇ ਵੱਖ-ਵੱਖ ਸੂਬਿਆਂ ਦੇ ਨਾਲ-ਨਾਲ ਅਨੇਕ ਵਿਦੇਸ਼ੀ ਦੇਸ਼ਾਂ ਦੇ ਕਲਾਕਾਰ ਅਤੇ ਸ਼ਿਲਪਕਾਰ ਵੀ ਹਿੱਸਾ ਲੈਣਗੇ, ਜਿਸ ਨਾਲ ਇਹ ਮੇਲਾ ਸਭਿਆਚਾਰਕ ਆਦਾਨ-ਪ੍ਰਦਾਨ ਅਤੇ ਵਿਸ਼ਵ ਮਿੱਤਰਤਾ ਦਾ ਮੰਚ ਬਣੇਗਾ। ਨਾਲ ਹੀ, ਸੈਲਾਨੀਆਂ ਅਤੇ ਦਰਸ਼ਕਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦੇ ਹੋਏ ਪਾਰਕਿੰਗ, ਪੇਯਜਲ, ਸਾਫ-ਸਫਾਈ, ਸੁਰੱਖਿਆ, ਆਵਾਜਾਈ ਪ੍ਰਬੰਧਨ ਅਤੇ ਡਿਜੀਟਲ ਭੁਗਤਾਨ ਵਿਵਸਥਾ ਵਰਗੀ ਸਹੂਲਤਾਂ ਨੂੰ ਹੋਰ ਮਜਬੂਤ ਕੀਤਾ ਜਾਵੇਗਾ। ਡਾ. ਸ਼ਾਲੀਨ ਨੈ ਕਿਹਾ ਕਿ 39ਵਾਂ ਸੂਰਜਕੁੰਡ ਕੌਮਾਂਤਰੀ ਕ੍ਰਾਫਟ ਮੇਲਾ, ਫਰੀਦਾਬਾਦ ਵਿੱਚ 31 ਜਨਵਰੀ ਤੋਂ 15 ਫਰਵਰੀ, 2026 ਤੱਕ ਆਯੋਜਿਤ ਕੀਤਾ ਜਾਵੇਗਾ। ਮੇਲੇ ਵਿੱਚ ਦੇਸ਼-ਵਿਦੇਸ਼ ਤੋਂ ਆਉਣ ਵਾਲੇ ਲੱਖਾਂ ਸੈਲਾਨੀਆਂ ਦੇ ਲਈ ਵਿਵਿਧ ਆਕਰਸ਼ਣ ਤਿਆਰ ਕੀਤੇ ਜਾਣਗੇ, ਜਿਨ੍ਹਾਂ ਵਿੱਚ ਥੀਮ ਸਟੇਟ ਦੀ ਝਲਕ, ਸਭਿਆਚਾਰਕ ਪੇਸ਼ਗੀਆਂ, ਲੋਕਨਾਚ, ਭੋਜਨ ਗਲੀਆਂ, ਹੈਂਡੀਕ੍ਰਾਫਟ ਬਾਜਾਰ ਅਤੇ ਲਾਇਵ ਡੇਮੋਂਸਟ ?ਰੇਸ਼ਨ ਸ਼ਾਮਿਲ ਹੋਣਗੇ। ਉਨ੍ਹਾਂ ਨੇ ਦਸਿਆ ਕਿ ਮੇਲੇ ਵਿੱਚ ਹਿੱਸਾ ਲੈਣ ਵਾਲੇ ਸ਼ਿਲਪਕਾਰਾਂ ਦੇ ਲਈ ਸਟਾਲ ਅਲਾਟ ਪ੍ਰਕ੍ਰਿਆ 1 ਦਸੰਬਰ, 2025 ਤੋਂ ਸ਼ੁਰੂ ਕੀਤੀ ਜਾਵੇਗੀ। ਇਸ ਦੇ ਲਈ ਸਬੰਧਿਤ ਵਿਭਾਗਾਂ ਨੂੰ ਜਰੂਰੀ ਦਿਸ਼ਾ-ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ।

# ਅਸੀਂ ਪਹਿਲਾਂ ਹੀ 'ਜੰਗਲ ਰਾਜ' ਵਿੱਚ ਕਦਮ ਰੱਖ ਚੁੱਕੇ ਹਾਂ: ਵੜਿੰਗ

## ਕਬੱਡੀ ਖਿਡਾਰੀ ਤੇਜਪਾਲ ਦੀ ਹੱਤਿਆ ਦੀ ਨਿੰਦਾ ਕੀਤੀ, ਅਪਰਾਧੀਆਂ ਨੂੰ ਕਾਨੂੰਨ ਦਾ ਕੋਈ ਡਰ ਨਹੀਂ ਰਿਹਾ; ਉਹ ਜਿੱਥੇ ਤੇ ਜਦੋਂ ਚਾਹੁਣ, ਲੋਕਾਂ ਨੂੰ ਮਾਰ ਦਿੰਦੇ ਹਨ

ਮਨਦੀਪ ਕੌਰ

ਚੰਡੀਗੜ੍ਹ, ਜਗਰਾਉਂ ਵਿੱਚ ਅੱਜ ਇੱਕ ਕਬੱਡੀ ਖਿਡਾਰੀ ਦੀ ਦਿਨ-ਦਿਹਾੜੇ ਹੋਈ ਬੇਰਹਿਮੀ ਨਾਲ ਹੱਤਿਆ ਦੀ ਨਿੰਦਾ ਕਰਦਿਆਂ, ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕਿਹਾ ਹੈ ਕਿ ਪੰਜਾਬ ਪਹਿਲਾਂ ਹੀ ਆਮ ਆਦਮੀ ਪਾਰਟੀ ਦੀ ਸਰਕਾਰ ਅਧੀਨ 'ਜੰਗਲ ਰਾਜ' ਵਿੱਚ ਕਦਮ ਰੱਖ ਚੁੱਕਾ ਹੈ, ਜਿੱਥੇ ਅਪਰਾਧੀਆਂ ਨੂੰ ਕਾਨੂੰਨ ਦਾ ਕੋਈ ਡਰ ਨਹੀਂ ਰਿਹਾ ਹੈ ਅਤੇ ਉਹ ਜਿੱਥੇ ਤੇ ਜਦੋਂ ਚਾਹੁਣ, ਲੋਕਾਂ ਨੂੰ ਮਾਰ ਦਿੰਦੇ ਹਨ। ਇਸ ਮੌਕੇ ਪੀੜਤ ਪਰਿਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਦਿਆਂ, ਵੜਿੰਗ ਨੇ ਤੇਜਪਾਲ ਦੀ ਹੱਤਿਆ 'ਤੇ ਪ੍ਰਤੀਕਿਰਿਆ ਦਿੰਦੇ ਹੋਏ ਕਿਹਾ ਕਿ ਜਿਸ ਤਰ੍ਹਾਂ ਉਸਦੇ ਕਾਤਲਾਂ ਨੇ ਉਸ ਉੱਪਰ ਐਸਐਸਪੀ ਜਗਰਾਉਂ ਦੇ ਦਫ਼ਤਰ ਦੇ ਬਿਲਕੁਲ ਨੇੜੇ ਹਮਲਾ ਕੀਤਾ, ਇਹ ਦਰਸਾਉਂਦਾ ਹੈ ਕਿ ਉਨ੍ਹਾਂ ਨੂੰ ਕਾਨੂੰਨ ਦਾ ਕੋਈ ਡਰ ਨਹੀਂ ਸੀ। ਵੜਿੰਗ ਨੇ ਕਿਹਾ ਕਿ ਇਹ ਪੰਜਾਬ ਵਿੱਚ ਇੱਕ ਆਮ ਗੱਲ ਬਣ ਗਈ ਹੈ ਕਿ ਕਾਤਲ ਆਪਣੀ ਮਰਜ਼ੀ ਨਾਲ ਕਤਲ ਕਰ ਸਕਦੇ ਹਨ ਅਤੇ ਉਨ੍ਹਾਂ ਨੂੰ ਰੋਕਣ ਵਾਲਾ ਕੋਈ ਨਹੀਂ ਹੈ। ਉਨ੍ਹਾਂ ਟਿੱਪਣੀ ਕੀਤੀ ਕਿ ਇਹ ਦਰਸਾਉਂਦਾ ਹੈ ਕਿ ਇਹ ਹੁਣ ਪੰਜਾਬ ਵਿੱਚ ਇੱਕ ਆਮ ਗੱਲ ਬਣ ਗਈ ਹੈ, ਜਿਵੇਂ ਕਿ ਇਹ ਪਹਿਲਾਂ ਕਦੇ ਬਿਹਾਰ ਅਤੇ ਉੱਤਰ ਪ੍ਰਦੇਸ਼ ਵਰਗੇ ਸੂਬਿਆਂ ਵਿੱਚ ਹੁੰਦਾ ਸੀ। ਸੂਬਾ ਕਾਂਗਰਸ ਪ੍ਰਧਾਨ ਨੇ ਕਿਹਾ ਕਿ ਪੰਜਾਬ ਪਹਿਲਾਂ ਹੀ "ਜੰਗਲ ਰਾਜ"ਅਧੀਨ ਹੈ। ਇੱਥੇ ਪੁਲਿਸ ਜਾਂ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਦੀ ਬਜਾਏ ਅਪਰਾਧੀਆਂ, ਗੈਂਗਸਟਰਾਂ ਅਤੇ ਕਾਤਲਾਂ ਦਾ ਰਾਜ ਚੱਲਦਾ ਹੈ। ਉਨ੍ਹਾਂ ਨੇ ਰੋਸ ਜਤਾਉਂਦਿਆਂ ਕਿਹਾ ਕਿ ਬਦਕਿਸਮਤੀ ਨਾਲ 'ਆਪ' ਸਰਕਾਰ ਨਾ ਸਿਰਫ਼ ਨਿਰਾਸ਼ਾਜਨਕ ਤੌਰ 'ਤੇ ਅਯੋਗ ਸਾਬਤ ਹੋਈ ਹੈ, ਸਗੋਂ ਲੋਕਾਂ ਦੀ ਜਾਨ-ਮਾਲ ਬਚਾਉਣ ਅਤੇ ਸੁਰੱਖਿਅਤ ਕਰਨ ਵਿੱਚ ਬੁਰੀ ਤਰ੍ਹਾਂ ਅਸਮਰੱਥ ਹੈ। ਇਸ ਸਰਕਾਰ ਨੇ ਸੂਬੇ ਅੰਦਰ ਸ਼ਾਸਨ ਚਲਾਉਣ ਦਾ ਅਧਿਕਾਰ ਅਤੇ ਇੱਛਾ ਸ਼ਕਤੀ, ਦੋਵੇਂ ਗੁਆ ਦਿੱਤੇ ਹਨ।



# ਵਿਕਾਸ ਕੰਮਾਂ ਵਿੱਚ ਲਾਪ੍ਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ - ਨਾਇਬ ਸਿੰਘ ਸੈਣੀ

## ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਜਿਲ੍ਹਾ ਅਧਿਕਾਰੀਆਂ ਦੀ ਮੀਟਿੰਗ ਵਿੱਚ ਵਿਕਾਸ ਕੰਮਾਂ ਦੀ ਸਮੀਖਿਆ ਕੀਤੀ

ਰਮਨ ਕੁਮਾਰ

ਚੰਡੀਗੜ੍ਹ, -ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੂਬਾ ਸਰਕਾਰ ਜਨਹਿਤ ਦੇ ਵਿਕਾਸ ਕੰਮਾਂ ਨੂੰ ਪ੍ਰਾਥਮਿਕਤਾ ਦੇ ਨਾਲ ਅੱਗੇ ਵਧਾ ਰਹੀ ਹੈ। ਜਿਲ੍ਹਾ ਫਤਿਹਾਬਾਦ ਵਿੱਚ ਹੜ੍ਹ, ਜਲਭਰਾਵ, ਸਿੰਚਾਈ, ਸੜਕ, ਸੀਵਰੇਜ, ਪੀਣ ਦੇ ਪਾਣੀ ਅਤੇ ਹੋਰ ਬੁਨਿਆਦੀ ਢਾਂਚਾ ਸਬੰਧੀ ਕੰਮਾਂ ਦੀ ਸਮੀਖਿਆ ਕਰਦੇ ਹੋਏ ਉਨ੍ਹਾਂ ਨੇ ਅਧਿਕਾਰੀਆਂ ਨੂੰ ਸਪਸ਼ਟ ਨਿਰਦੇਸ਼ ਦਿੱਤੇ ਕਿ ਹਰੇਕ ਕੰਮ ਗੁਣਵੱਤਾਪੂਰਣ ਅਤੇ ਸਮੇਂਬੱਧ ਢੰਗ ਨਾਲ ਪੂਰਾ ਕੀਤਾ ਜਾਵੇ। ਮੁੱਖ ਮੰਤਰੀ ਵੀਰਵਾਰ ਨੂੰ ਫਤਿਹਾਬਾਦ ਦੇ ਰੇਸਟ ਹਾਊਸ ਵਿੱਚ ਜਿਲ੍ਹਾ ਪੱਧਰੀ ਅਧਿਕਾਰੀਆਂ ਦੀ ਸਮੀਖਿਆ ਮੀਟਿੰਗ ਦੀ ਅਗਵਾਈ ਕਰ ਰਹੇ ਸਨ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਿਸਾਰ ਘੱਗਰ ਡ ?ਰੇਨ ਦੀ ਚੌੜਾਈ ਵਧਾਈ ਜਾਵੇ ਤਾਂ ਜੋ ਜਲਭਰਾਵ ਵਾਲੇ ਇਲਾਕਿਆਂ ਤੋਂ ਇਸ ਦੇ ਜਰਇਏ ਪਾਣੀ ਨਿਕਾਸੀ ਦੀ ਸਮਸਿਆ ਦਾ ਹੱਲ ਹੋ ਸਕੇ। ਨਾਲ ਹੀ ਉਨ੍ਹਾਂ ਨੇ ਨਿਰਦੇਸ਼ ਦਿੱਤਾ ਕਿ ਓਟੂ ਝੀਲ 'ਤੇ ਵਗਾਅ ਦੇ ਬੋਝ ਨੂੰ ਘੱਟ ਕਰਨ ਲਈ ਕਿਤੇ ਵਿਚਕਾਰ ਵੈਕਲਪਿਕ ਮਾਰਗ ਨਾਲ ਜਲ੍ਹ ਨਿਕਾਸੀ ਦਾ ਪ੍ਰਸਤਾਵ ਤਿਆਰ ਕੀਤਾ ਜਾਵੇ। ਉਨ੍ਹਾਂ ਨੇ ਸਿੰਚਾਈ ਵਿਭਾਗ ਨੂੰ ਇਹ ਵੀ ਨਿਰਦੇਸ਼ ਦਿੱਤੇ ਕਿ ਜਿਨ੍ਹਾਂ ਪਿੰਡਾਂ ਤੋਂ ਇਹ ਡ ?ਰੇਨ ਹੋ ਕੇ ਲੰਘਦੀ ਹੈ, ਉੱਥੇ ਇਸ ਨੂੰ ਪੱਕਾ (ਕੰਕ੍ਰੀਟ ਲਾਇਨਿੰਗ) ਕਰਨ ਦੀ ਸੰਭਾਵਨਾਵਾਂ ਤਲਾਸ਼ਣ ਤਾਂ ਜੋ ਮਿੱਟੀ ਕਟਾਵ ਅਤੇ ਅਵਰੋਧ ਦੀ ਸਥਿਤੀ ਨਾ ਬਣੇ। ਮੁੱਖ ਮੰਤਰੀ ਨੇ ਕਿਹਾ ਕਿ ਜਿੱਥੇ -ਜਿੱਥੇ ਜਲਭਰਾਵ ਦੀ ਸਥਿਤੀ ਹੁਣੀ ਬਣੀ ਹੋਈ ਹੈ, ਉੱਥੇ ਜਲਦੀ ਜਲ੍ਹ ਨਿਕਾਸੀ ਯਕੀਨੀ ਕੀਤੀ ਜਾਵੇ, ਤਾਂ ਜੋ ਕਿਸਾਨ ਸਮੇਂ 'ਤੇ ਫਸਲ ਦੀ ਬੁਆਈ ਕਰ ਸਕਣ। ਉਨ੍ਹਾਂ ਨੇ ਨਿਰਦੇਸ਼ ਦਿੱਤੇ ਕਿ ਲੋ-ਲਾਇਨ ਖੇਤਰਾਂ ਨੂੰ ਚੋਣ ਕਰ ਭਵਿੱਖ ਲਈ ਠੋਸ ਕਾਰਜ ਯੋਜਨਾ ਤਿਆਰ ਕੀਤੀ ਜਾਵੇ, ਜਿਸ ਨਾਲ ਆਉਣ ਵਾਲੇ ਸਾਲਾਂ ਵਿੱਚ ਬਰਸਾਤ ਦੌਰਾਨ ਜਲਭਰਾਵ ਦੀ ਸਮਸਿਆ ਉਤਪਨ ਨਾ ਹੋਵੇ।



# ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਹਰਿਆਣਾ ਸਕੱਤਰੇਤ ਵਿੱਚ ਰਾਸ਼ਟਰੀ ਏਕਤਾ ਦਿਵਸ 'ਤੇ ਸਰਦਾਰ ਵਲੱਭਭਾਈ ਪਟੇਲ ਨੂੰ ਕੀਤਾ ਨਮਨ

## ਮੁੱਖ ਮੰਤਰੀ ਨੇ ਅਧਿਕਾਰੀਆਂ-ਕਰਮਚਾਰੀਆਂ ਨੂੰ ਚੁਕਾਈ ਰਾਸ਼ਟਰੀ ਏਕਤਾ ਦੀ ਸੁੰਹ

ਕੈਪਟਨ ਸੁਭਾਸ਼ ਚੰਦਰ

ਚੰਡੀਗੜ੍ਹ, - ਰਾਸ਼ਟਰੀ ਏਕਤਾ ਦਿਵਸ ਮੌਕੇ 'ਤੇ ਸਕੱਤਰੇਤ ਵਿੱਚ ਆਯੋਜਿਤ ਪ੍ਰੋਗਰਾਮ ਵਿੱਚ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਲੌਹ ਪੁਰਸ਼ ਸਰਦਾਰ ਵਲੱਭਭਾਈ ਪਟੇਲ ਨੂੰ ਸ਼ਰਧਾਂਜਲੀ ਅਰਪਿਤ ਕੀਤੀ। ਮੁੱਖ ਮੰਤਰੀ ਨੇ ਮੌਜੂਦ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਰਾਸ਼ਟਰੀ ਏਕਤਾ, ਅਖੰਡਤਾ ਅਤੇ ਸੁਰੱਖਿਆ ਬਣਾਏ ਰੱਖਣ ਦੀ ਸੁੰਹ ਵੀ ਚੁਕਾਈ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਲੋਹ ਪੁਰਸ਼ ਸਰਦਾਰ ਪਟੇਲ ਸਹੀ ਮਾਇਨੇ ਵਿੱਚ ਰਾਸ਼ਟਰੀ ਏਕਤਾ ਦੇ ਪ੍ਰਤੀਕ ਅਤੇ ਅਖੰਡ ਭਾਰਤ ਦੇ ਸ਼ਿਲਪੀ ਸਨ। ਆਜਾਦੀ ਦੇ ਬਾਅਦ ਉਨ੍ਹਾਂ ਨੇ ਭਾਰਤ ਦੇ ਪਹਿਲੇ ਗ੍ਰਹਿ ਮੰਤਰੀ ਵਜੋ ਆਪਣੀ ਕੁਸ਼ਲ ਪ੍ਰਸਾਸ਼ਨਿਕ ਸਮਰੱਥਾ ਨਾਲ ਦੇਸ਼ ਦੀ ਨੀਂਹ ਮਜਬੂਤ ਕੀਤੀ। ਉਸ ਸਮੇਂ ਦੇਸ਼ ਸੈਕੜਿਆਂ ਰਿਆਸਤਾਂ ਅਤੇ ਰਾਜਘਰਾਨਿਆਂ ਵਿੱਚ ਵੰਡਿਆ ਹੋਇਆ ਸੀ, ਪਰ ਸਰਕਾਰ ਪਟੇਲ ਨੇ 562 ਰਿਆਸਤਾਂ ਦਾ ਭਾਰਤੀ ਸੰਘ ਵਿੱਚ ਮਰਚ ਕਰਵਾ ਕੇ ਅਖੰਡ ਭਾਰਤ ਅਤੇ ਰਾਸ਼ਟਰੀ ਏਕਤਾ ਦੀ ਨੀਂਹ ਪੱਥਰ ਰੱਖਿਆ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਅੱਜ ਭਾਰਤ ਦੁਨੀਆ ਦੀ ਮਹਾਸ਼ਕਤੀ ਬਨਣ ਦੀ ਰਾਹ 'ਤੇ ਹੈ, ਜਿਸ ਦੀ ਨੀਂਹ ਸਰਦਾਰ ਪਟੇਲ ਨੇ ਰੱਖੀ ਸੀ। ਉਨ੍ਹਾਂ ਦੇ ਅਖੰਡ ਭਾਰਤ ਦੇ ਸਪਨੇ ਨੂੰ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਨੇ ਜੰਮੂ -ਕਸ਼ਮੀਰ ਤੋਂ ਧਾਰਾ 370 ਹਟਾ ਕੇ ਸਾਕਾਰ ਕੀਤਾ। ਪ੍ਰਧਾਨ ਮੰਤਰੀ ਨੇ ਗੁਜਰਾਤ ਦੇ ਨਰਮਦਾ ਜਿਲ੍ਹੇ ਵਿੱਚ ਸਟੈਚੂ ਆਫ ਯੂਨਿਟੀ ਦਾ ਨਿਰਮਾਣ ਕਰ ਸਰਦਾਰ ਪਟੇਲ ਨੂੰ ਯੁਗਾ-ਯੁਗਾ ਤੱਕ ਜਿੰਦਾ ਰੱਖਣ ਦਾ ਕੰਮ ਕੀਤਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਸਰਦਾਰ ਪਟੇਲ ਦੇ ਜੀਵਨ ਤੋਂ ਪੇ ?ਰਣਾ ਲੈ ਕੇ ਦੇਸ਼ ਦੀ ਏਕਤਾ, ਅਖੰਡਾ ਅਤੇ ਸੁਰੱਖਿਆ ਲਈ ਸਮਰਪਿਤ ਰਹਿਣਾ ਚਾਹੀਦਾ ਹੈ। ਉਨ੍ਹਾਂ ਨੇ ਕਿਹਾ ਕਿ ਇਹ ਦਿਵਸ ਨਾ ਸਿਰਫ ਇੱਕ ਮਹਾਪੁਰਸ਼ ਨੂੰ ਯਾਦ ਕਰਨ ਦਾ ਮੌਕਾ ਹੈ, ਸਗੋਂ ਇਹ ਸਾਨੂੰ ਸਾਰਿਆਂ ਨੂੰ ਇੱਕ ਭਾਰਤ, ਸ਼ ?ਰੇਸਠ ਭਾਰਤ ਦੇ ਸੰਕਲਪ ਨੂੰ ਦੋਹਰਾਉਣ ਦਾ ਵੀ ਦਿਨ ਹੈ। ਮੁੱਖ ਮੰਤਰੀ ਨੇ ਸਾਰੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਰਾਸ਼ਟਰੀ ਏਕਤਾ ਦਿਵਸ ਦੀ ਸ਼ੁਭਕਾਮਨਾਵਾਂ ਦਿੰਦੇ ਹੋਏ ਰਾਸ਼ਟਰ ਦੀ ਏਕਤਾ, ਅਖੰਡਤਾ ਅਤੇ ਸੁਰੱਖਿਆ ਲਈ ਖੁਦ ਨੂੰ ਸਮਰਪਿਤ ਕਰਨ ਦੀ ਸੁੰਹ ਚੁਕਾਈ। ਪ੍ਰੋਗਰਾਮ ਵਿੱਚ ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਨੇ ਰਾਸ਼ਟਰ ਦੀ ਏਕਤਾ ਅਤੇ ਅਖੰਡਤਾ ਦੇ ਵਿਲੱਖਣ ਸ਼ਿਪਲਕਾਰ ਸਰਦਾਰ ਪਟੇਲ ਨੂੰ ਸ਼ਰਧਾਂਜਲੀ ਦਿੰਦੇ ਹੋਏ ਕਿਹਾ ਕਿ ਸਰਦਾਰ ਪਟੇਲ ਨੇ ਮੁਸ਼ਕਲ ਹਾਲਾਤਾਂ ਵਿੱਚ ਆਪਣੇ ਦਿਮਾਗ ਅਤੇ ਮਜਬੂਤ ਇਕਰਾਦਿਆਂ ਦੇ ਜੋਰ 'ਤੇ 562 ਰਿਆਸਤਾਂ ਦਾ ਮਰਚ ਕਰਵਾ ਕੇ ਦੇਸ਼ ਨੂੰ ਏਕਤਾ ਦੇ ਧਾਗੇ ਵਿੱਚ ਪਿਰੋਣ ਕੰਮ ਕਰਦੇ ਹੋਏ ਭਾਰਤ ਨੂੰ ਅਖੰਡ ਭਾਰਤ ਬਨਾਉਣ ਦਾ ਕੰਮ ਕੀਤਾ। ਦੁਨੀਆ ਦੇ ਇਤਿਹਾਸ ਵਿੱਚ ਸ਼ਾਇਦ ਹੀ ਕੋਈ ਅਜਿਹਾ ਵਿਅਕਤੀ ਹੋਇਆ ਹੋਵੇ, ਜਿਸ ਨੇ ਬਿਨ੍ਹਾ ਕਿਸੇ ਖੂਨ-ਖਰਾਬੇ ਦੇ ਇੰਨ੍ਹੀ ਵੱਡੀ ਗਿਣਤੀ ਵਿੱਚ ਰਿਆਸਤਾਂ ਦਾ ਮਰਚ ਕਰਵਾਇਆ ਹੈ। ਸ੍ਰੀ ਰਸਤੋਗੀ ਨੇ ਕਿਹਾ ਕਿ ਸਰਦਾਰ ਪਟੇਲ ਦਾ ਜੀਵਨ ਤਿਆਗ, ਸਮਰਪਣ ਅਤੇ ਦ੍ਰਿੜ ਸੰਕਲਪ ਦਾ ਪ੍ਰਤੀ ਸੀ। ਸਰਦਾਰ ਪਟੇਲ ਇੱਕ ਅਜਿਹਾ ਭਾਰਤ ਬਨਾਉਣਾ ਚਾਹੁੰਦੇ ਸਨ, ਜਿੱਥੇ ਪ੍ਰਸਾਸ਼ਨਿਕ ਢਾਂਚਾ ਅਨੁਸਾਸ਼ਨ, ਜਿਮੇਵਾਰੀ ਅਤੇ ਸੇਵਾ ਭਾਵਨਾ 'ਤੇ ਅਧਾਰਿਤ ਹੋਵੇ। ਉਨ੍ਹਾਂ ਨੇ ਭਾਰਤੀ ਪ੍ਰਸਾਸ਼ਨਿਕ ਸੇਵਾ ਦੀ ਅਵਧਾਰਣਾ ਨੂੰ ਰਾਸ਼ਟਰ-ਨਿਰਮਾਣ ਦਾ ਮੂਲ ਥੰਮ ?ਹ ਦਸਿਆ। ਸੂਚਨਾ, ਜਨਸਪੰਰਕ, ਭਾਸ਼ਾ ਅਤੇ ਸਭਿਆਚਾਰਕ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਡਾ. ਅਮਿਤ ਅਗਰਵਾਲ ਨੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦਾ ਸਵਾਗਤ ਕਰਦੇ ਹੋਏ ਕਿਹਾ ਕਿ ਸਰਦਾਰ ਵਲੱਭਭਾਈ ਪਟੇਲ ਨੇ ਸੁਤੰਤਰ ਭਾਰਤ ਦੇ ਪ੍ਰਸਾਸ਼ਨਿਕ ਸਿਸਟਮ ਦੀ ਨੀਂਹ ਨੂੰ ਮਜਬੂਤ ਬਨਾਉਣ ਵਿੱਚ ਅਹਿਮ ਭੂਮਿਕਾ ਨਿਭਾਈ। ਉਨ੍ਹਾਂ ਨੇ ਦੇਸ਼ ਦੀ ਰਿਆਸਤਾਂ ਦਾ ਏਕੀਕਰਣ ਕਰ ਭਾਰਤ ਨੂੰ ਰਾਜਨੀਤਿਕ ਰੂਪ ਨਾਲ ਇੱਕਜੁੱਟ ਕੀਤਾ ਅਤੇ ਇੱਕ ਮਜਬੂਤ ਕੇਂਦਰੀ ਪ੍ਰਸ਼ਾਸ਼ਨ ਦੀ ਸਥਾਪਨਾ ਕੀਤੀ। ਉਨ੍ਹਾਂ ਦੇ ਦੂਰਦਰਸ਼ੀ ਅਗਵਾਈ ਹੇਠ ਭਾਰਤੀ ਪ੍ਰਸਾਸ਼ਨਿਕ ਸੇਵਾ ਅਤੇ ਭਾਰਤੀ ਪੁਲਿਸ ਸੇਵਾ ਵਰਗੀ ਅਖਿਲ ਭਾਰਤੀ ਸੇਵਾਵਾਂ ਨੇ ਦੇਸ਼ ਦੇ ਸ਼ਾਸਨ ਅਤੇ ਕਾਨੂੰਨ ਵਿਵਸਥਾ ਨੂੰ ਸੁਚਾਰੂ ਰੂਪ ਨਾਲ ਚਲਾਉਣ ਵਿੱਚ ਅਹਿਮ ਯੋਗਦਾਨ ਦਿੱਤਾ। ਉਨ੍ਹਾਂ ਦੇ ਯਤਨਾਂ ਨਾਲ ਭਾਰਤ ਇੱਕ ਮਜਬੂਤ, ਸੰਗਠਤ ਅਤੇ ਪ੍ਰਸਾਸ਼ਨਿਕ ਰੂਪ ਨਾਲ ਸਮਰੱਥ ਰਾਸ਼ਟਰ ਵਜੋ ਉਭਰਿਆ। ਇਸ ਦੌਰਾਨ ਗ੍ਰਹਿ ਵਿਭਾਗ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ, ਮੁੱਖ ਮੰਤਰੀ ਦੇ ਪ੍ਰਧਾਨ ਸਕੱਤਰ ਸ੍ਰੀ ਅਰੁਣ ਕੁਮਾਰ ਗੁਪਤਾ, ਪੁਲਿਸ ਡਾਇਰੈਕਟਰ ਜਨਰਲ ਸ੍ਰੀ ਓਪੀ ਸਿੰਘ, ਮੁੱਖ ਮੰਤਰੀ ਦੇ ਵਧੀਕ ਪ੍ਰਧਾਨ ਸਕੱਤਰ ਡਾ. ਸਾਕੇਤ ਕੁਮਾਰ ਸਮੇਤ ਤਮਾਮ ਸੀਨੀਅਰ ਅਧਿਕਾਰੀ ਅਤੇ ਕਰਮਚਾਰੀ ਮੌਜੂਦ ਰਹੇ।

# ਵਿਦਿਆਰਥੀਆਂ ਨੂੰ ਭ੍ਰਿਸ਼ਟਾਚਾਰ ਮੁਕਤ ਸਮਾਜ ਦੀ ਸਿਰਜਣਾ ਲਈ ਅਗੇ ਆਉਣ ਦਾ ਸੱਦਾ

## ਵਿਜੀਲੈਂਸ ਜਾਗਰੂਕਤਾ ਹਫ਼ਤੇ ਤਹਿਤ ਕਰਵਾਇਆ ਸੈਮੀਨਾਰ

ਮਨਦੀਪ ਕੌਰ

ਜਲੰਧਰ, : ਸੂਬੇ ਨੂੰ ਭ੍ਰਿਸ਼ਟਾਚਾਰ ਮੁਕਤ ਬਣਾਉਣ ਲਈ ਪੰਜਾਬ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਵਿਜੀਲੈਂਸ ਬਿਊਰੋ, ਪੰਜਾਬ ਵੱਲੋਂ 'ਚੌਕਸੀ : ਸਾਡੀ ਸਾਂਝੀ ਜ਼ਿੰਮੇਵਾਰੀ' ਥੀਮ ਤਹਿਤ ਵਿਜੀਲੈਂਸ ਜਾਗਰੂਕਤਾ ਹਫ਼ਤਾ ਮਨਾਇਆ ਜਾ ਰਿਹਾ ਹੈ, ਜਿਸ ਤਹਿਤ ਵਿਜੀਲੈਂਸ ਬਿਊਰੋ, ਯੂਨਿਟ ਜਲੰਧਰ ਵਲੋਂ ਅੱਜ ਸੱਤਿਅਮ ਇੰਸਟੀਚਿਊਟ, ਪਿੰਡ ਜੀਵਨ ਨੰਗਲ (ਨਕੋਦਰ) ਵਿਖੇ ਸੈਮੀਨਾਰ ਕਰਵਾਇਆ। ਸੈਮੀਨਾਰ ਦੌਰਾਨ ਵਿਦਿਆਰਥੀਆਂ ਨੂੰ ਭ੍ਰਿਸ਼ਟਾਚਾਰ ਮੁਕਤ ਸਮਾਜ ਦੀ ਸਿਰਜਣਾ ਲਈ ਅਗੇ ਆਉਣ ਦਾ ਸੱਦਾ ਦਿੱਤਾ ਗਿਆ। ਉਪ ਕਪਤਾਨ ਪੁਲਿਸ, ਵਿਜੀਲੈਂਸ ਬਿਊਰੋ, ਯੂਨਿਟ ਜਲੰਧਰ ਅਸ਼ਵਨੀ ਕੁਮਾਰ ਅਤੇ ਇੰਸਪੈਕਟਰ ਸਾਹਿਲ ਅਗਨੀਹੋਤਰੀ ਨੇ ਹਾਜ਼ਰੀਨ ਨੂੰ ਭ੍ਰਿਸ਼ਟਾਚਾਰ ਨੂੰ ਖ਼ਤਮ ਕਰਨ ਲਈ ਵਿਜੀਲੈਂਸ ਬਿਊਰੋ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਜੇਕਰ ਕੋਈ ਸਰਕਾਰੀ ਅਧਿਕਾਰੀ/ਕਰਮਚਾਰੀ ਰਿਸ਼ਵਤ ਮੰਗਦਾ ਹੈ, ਆਪਣੇ ਅਧਿਕਾਰਾਂ ਦੀ ਦੁਰਵਰਤੋਂ ਕਰਦਾ ਹੈ ਜਾਂ ਸਰਕਾਰੀ ਕੰਮ ਵਿਚ ਘਪਲੇਬਾਜ਼ੀ ਕਰਦਾ ਹੈ, ਤਾਂ ਇਸ ਸਬੰਧੀ ਵਿਜੀਲੈਂਸ ਬਿਊਰੋ ਦੇ ਟੋਲ ਫ ?ਰੀ ਨੰਬਰ 1800-1800-1000 ਅਤੇ ਵੈੱਬਸਾਈਟ www.vigilancebureau.punjab.gov.in ਐਂਟੀ ਕੁਰੱਪਸ਼ਨ ਐਕਸ਼ਨ ਲਾਈਨ ਵਟਸਐਪ ਨੰਬਰ 95012-00200 'ਤੇ ਸ਼ਿਕਾਇਤ ਕੀਤੀ ਜਾ ਸਕਦੀ ਹੈ। ਇਸ ਦੌਰਾਨ ਹਾਜ਼ਰੀਨ ਨੂੰ ਭ੍ਰਿਸ਼ਟਾਚਾਰ ਖਿਲਾਫ਼ ਸਹੁੰ ਵੀ ਚੁਕਾਈ ਗਈ ਅਤੇ ਪੈਂਫਲੈੱਟ ਵੰਡੇ ਗਏ। ਸੈਮੀਨਾਰ ਵਿਚ ਸੱਤਿਅਮ ਇੰਸਟੀਚਿਊਟ ਦੇ ਚੇਅਰਮੈਨ ਵਿਪਨ ਕੁਮਾਰ ਸ਼ਰਮਾ, ਮੈਨੇਜਿੰਗ ਡਾਇਰੈਕਟਰ ਸ਼ਿਵਮ ਸ਼ਰਮਾ, ਚੇਅਰਪਰਸਨ ਜੋਤੀ ਸ਼ਰਮਾ, ਸੱਤਿਅਮ ਇੰਸਟੀਚਿਊਟ ਆਫ਼ ਮੈਨੇਜਮੈਂਟ ਦੇ ਪ੍ਰਿੰਸੀਪਲ ਰਸ਼ੀਦ ਹਾਮੀਦ, ਪੋਲੀਟੈਕਨੀਕਲ ਕਾਲਜ ਦੇ ਪ੍ਰਿੰਸੀਪਲ ਪਾਰਸ ਚੱਢਾ, ਸੱਤਿਅਮ ਸਕੂਲ ਦੇ ਪ੍ਰਿੰਸੀਪਲ ਪੰਕਜ ਸ਼ਰਮਾ, ਸਟਾਫ਼ ਮੈਂਬਰ ਅਤੇ ਕਾਲਜ ਦੇ ਵੱਡੀ ਗਿਣਤੀ ਵਿਦਿਆਰਥੀ ਮੌਜੂਦ ਸਨ।



# ਵਿਗਿਆਨਕ ਉਮੀਦ

ਵਿਜੈ ਗਰਗ

ਅਨਿਯਮਿਤ ਮਾਨਸੂਨ, ਲੰਬੇ ਸੋਕੇ ਅਤੇ ਵਧਦੇ ਤਾਪਮਾਨ ਦੇ ਦੌਰ ਵਿੱਚ, ਕਲਾਉਡ ਸੀਡਿੰਗ ਰਾਹੀਂ ਨਕਲੀ ਮੀਂਹ ਦੀ ਧਾਰਨਾ ਇੱਕ ਵਾਰ ਫਿਰ ਭਾਰਤ ਵਿੱਚ ਜਨਤਕ ਚਰਚਾ ਵਿੱਚ ਸ਼ਾਮਲ ਹੋ ਗਈ ਹੈ। ਜਿਵੇਂ ਕਿ ਕਈ ਰਾਜ ਪਾਣੀ ਦੀ ਗੰਭੀਰ ਘਾਟ ਅਤੇ ਘਟਦੀ ਖੇਤੀਬਾੜੀ ਉਤਪਾਦਕਤਾ ਨਾਲ ਜੂਝ ਰਹੇ ਹਨ, ਨੀਤੀ ਨਿਰਮਾਤਾ ਮੌਸਮ ਦੇ ਪੈਟਰਨਾਂ ਨੂੰ ਹੇਰਾਫੇਰੀ ਕਰਨ ਲਈ ਤਕਨੀਕੀ ਦਖਲਅੰਦਾਜ਼ੀ ਦੀ ਖੋਜ ਕਰ ਰਹੇ ਹਨ, ਇੱਕ ਖੇਤਰ ਜਿਸਨੂੰ ਕਦੇ ਪੂਰੀ ਤਰ੍ਹਾਂ ਬ੍ਰਹਮ ਮੰਨਿਆ ਜਾਂਦਾ ਸੀ। ਕਲਾਉਡ ਸੀਡਿੰਗ, ਹਾਲਾਂਕਿ ਨਵਾਂ ਨਹੀਂ ਹੈ, ਹੁਣ ਜਲਵਾਯੂ ਅਨੁਕੂਲਨ ਰਣਨੀਤੀਆਂ ਵਿੱਚ ਇੱਕ ਗੰਭੀਰ ਵਿਕਲਪ ਬਣ ਗਿਆ ਹੈ। ਕਲਾਉਡ ਸੀਡਿੰਗ ਇੱਕ ਪ੍ਰਕਿਰਿਆ ਹੈ ਜਿਸ ਵਿੱਚ ਸਿਲਵਰ ਆਇਓਡਾਈਡ, ਪੋਟਾਸ਼ੀਅਮ ਆਇਓਡਾਈਡ, ਜਾਂ ਸੋਡੀਅਮ ਕਲੋਰਾਈਡ ਵਰਗੇ ਪਦਾਰਥਾਂ ਨੂੰ ਸੰਘਣਾਪਣ ਅਤੇ ਵਰਖਾ ਨੂੰ ਉਤਸ਼ਾਹਿਤ ਕਰਨ ਲਈ ਬੱਦਲਾਂ ਵਿੱਚ ਖਿੰਡਾਇਆ ਜਾਂਦਾ ਹੈ। ਇਸ ਪ੍ਰਕਿਰਿਆ ਨੂੰ ਹਵਾਈ ਜਹਾਜ਼, ਰਾਕੇਟ, ਜਾਂ ਜ਼ਮੀਨ-ਅਧਾਰਤ ਜਨਰੇਟਰਾਂ ਦੀ ਵਰਤੋਂ ਕਰਕੇ ਕੀਤਾ ਜਾ ਸਕਦਾ ਹੈ। ਜਦੋਂ ਅਨੁਕੂਲ ਵਾਯੂਮੰਡਲੀ ਸਥਿਤੀਆਂ ਵਿੱਚ ਚਲਾਇਆ ਜਾਂਦਾ ਹੈ, ਤਾਂ ਇਹ ਨਿਸ਼ਾਨਾ ਖੇਤਰਾਂ ਵਿੱਚ ਬਾਰਿਸ਼ ਨੂੰ ਵਧਾ ਸਕਦਾ ਹੈ। ਚੀਨ, ਸੰਯੁਕਤ ਰਾਜ ਅਤੇ ਸੰਯੁਕਤ ਅਰਬ ਅਮੀਰਾਤ ਵਰਗੇ ਦੇਸ਼ਾਂ ਨੇ ਸੋਕੇ ਨੂੰ ਘਟਾਉਣ ਅਤੇ ਪਾਣੀ ਦੇ ਭੰਡਾਰਾਂ ਨੂੰ ਭਰਨ ਲਈ ਇਸ ਤਕਨਾਲੋਜੀ ਵਿੱਚ ਭਾਰੀ ਨਿਵੇਸ਼ ਕੀਤਾ ਹੈ। ਭਾਰਤ ਨੇ ਮਹਾਰਾਸ਼ਟਰ, ਕਰਨਾਟਕ, ਤਾਮਿਲਨਾਡੂ ਅਤੇ ਰਾਜਸਥਾਨ ਵਰਗੇ ਰਾਜਾਂ ਵਿੱਚ ਕਲਾਉਡ ਸੀਡਿੰਗ ਦਾ ਪ੍ਰਯੋਗ ਵੀ ਕੀਤਾ ਹੈ, ਜਿੱਥੇ ਬਾਰਿਸ਼ ਦੀ ਕਮੀ ਦੇ ਗੰਭੀਰ ਸਮਾਜਿਕ-ਆਰਥਿਕ ਪ੍ਰਭਾਵ ਪਏ ਹਨ। ਹਾਲਾਂਕਿ, ਨਤੀਜੇ ਮਿਲੇ-ਜੁਲੇ ਰਹੇ ਹਨ। ਜਦੋਂ ਕਿ ਕੁਝ ਖੇਤਰਾਂ ਵਿੱਚ ਬਾਰਿਸ਼ ਵਿੱਚ ਮਾਮੂਲੀ ਵਾਧਾ ਦਰਜ ਕੀਤਾ ਗਿਆ, ਦੂਜੇ ਖੇਤਰਾਂ ਵਿੱਚ ਨਾ-ਮਾਤਰ ਨਤੀਜੇ ਦੇਖੇ ਗਏ, ਮੁੱਖ ਤੌਰ 'ਤੇ ਅਸੰਗਤ ਵਾਯੂਮੰਡਲੀ ਸਥਿਤੀਆਂ ਜਾਂ ਢੁਕਵੀਂ ਵਿਗਿਆਨਕ ਨਿਗਰਾਨੀ ਦੀ ਘਾਟ ਕਾਰਨ। ਸਮਰਥਕਾਂ ਦਾ ਤਰਕ ਹੈ ਕਿ ਕਲਾਉਡ ਸੀਡਿੰਗ ਕੁਦਰਤੀ ਬਾਰਿਸ਼ ਨੂੰ ਪੂਰਾ ਕਰਨ ਲਈ ਇੱਕ ਰਣਨੀਤਕ, ਲਾਗਤ-ਪ੍ਰਭਾਵਸ਼ਾਲੀ ਦਖਲਅੰਦਾਜ਼ੀ ਦੀ ਪੇਸ਼ਕਸ਼ ਕਰਦੀ ਹੈ, ਖਾਸ ਕਰਕੇ ਸੋਕੇ ਦੇ ਸਮੇਂ ਦੌਰਾਨ। ਇਹ ਖੇਤੀਬਾੜੀ, ਪਣ-ਬਿਜਲੀ ਉਤਪਾਦਨ ਅਤੇ ਭੂਮੀਗਤ ਪਾਣੀ ਰੀਚਾਰਜ ਲਈ ਅਨਮੋਲ ਸਾਬਤ ਹੋ ਸਕਦਾ ਹੈ, ਖਾਸ ਕਰਕੇ ਮੌਨਸੂਨ ਬਾਰਿਸ਼ 'ਤੇ ਨਿਰਭਰ ਖੇਤਰਾਂ ਵਿੱਚ। ਇਸ ਤੋਂ ਇਲਾਵਾ, ਤਕਨੀਕੀ ਤਰੱਕੀ ਅਤੇ ਸੈਟੇਲਾਈਟ-ਅਧਾਰਤ ਮੌਸਮ ਭਵਿੱਖਬਾਣੀ ਮਾਡਲਾਂ ਦੇ ਨਾਲ, ਕਲਾਉਡ ਸੀਡਿੰਗ ਹੁਣ ਵਧੇਰੇ ਸ਼ੁੱਧਤਾ ਅਤੇ ਜਵਾਬਦੇਹੀ ਨਾਲ ਕੀਤੀ ਜਾ ਸਕਦੀ ਹੈ। ਹਾਲਾਂਕਿ, ਆਲੋਚਕ ਅਜਿਹੇ ਨਕਲੀ ਤਰੀਕਿਆਂ 'ਤੇ ਜ਼ਿਆਦਾ ਨਿਰਭਰਤਾ ਵਿਰੁੱਧ ਸਾਵਧਾਨ ਕਰਦੇ ਹਨ। ਕਲਾਉਡ ਸੀਡਿੰਗ ਇੱਕ ਗਾਰੰਟੀਸ਼ੁਦਾ ਹੱਲ ਨਹੀਂ ਹੈ, ਕਿਉਂਕਿ ਇਸਦੀ ਸਫਲਤਾ ਨਮੀ ਨਾਲ ਭਰੇ ਬੱਦਲਾਂ ਅਤੇ ਅਨੁਕੂਲ ਮੌਸਮ ਸੰਬੰਧੀ ਸਥਿਤੀਆਂ ਦੀ ਉਪਲਬਧਤਾ 'ਤੇ ਬਹੁਤ ਜ਼ਿਆਦਾ ਨਿਰਭਰ ਕਰਦੀ ਹੈ। ਇਸ ਤੋਂ ਇਲਾਵਾ, ਪ੍ਰਕਿਰਿਆ ਵਿੱਚ ਵਰਤੇ ਜਾਣ ਵਾਲੇ ਰਸਾਇਣਕ ਏਜੰਟਾਂ ਦੇ ਵਾਤਾਵਰਣ ਅਤੇ ਸਿਹਤ ਪ੍ਰਭਾਵਾਂ ਬਾਰੇ ਸਵਾਲ ਬਣੇ ਰਹਿੰਦੇ ਹਨ। ਲੰਬੇ ਸਮੇਂ ਦੇ ਵਾਤਾਵਰਣਕ ਪ੍ਰਭਾਵਾਂ, ਜਿਵੇਂ ਕਿ ਬਾਰਿਸ਼ ਦੀ ਵੰਡ ਵਿੱਚ ਤਬਦੀਲੀਆਂ ਅਤੇ ਸੰਭਾਵੀ ਮਿੱਟੀ ਜਾਂ ਪਾਣੀ ਦੇ ਦੂਸ਼ਿਤ ਹੋਣ ਲਈ, ਪੂਰੀ ਤਰ੍ਹਾਂ ਵਿਗਿਆਨਕ ਮੁਲਾਂਕਣ ਦੀ ਲੋੜ ਹੁੰਦੀ ਹੈ। ਇੱਕ ਨੈਤਿਕ ਅਤੇ ਰਾਜਨੀਤਿਕ ਪਹਿਲੂ ਵੀ ਹੈ - ਬੱਦਲਾਂ ਨਾਲ ਛੇੜਛਾੜ ਕਰਨਾ ਅਣਜਾਣੇ ਵਿੱਚ ਗੁਆਂਢੀ ਖੇਤਰਾਂ ਵਿੱਚ ਬਾਰਿਸ਼ ਨੂੰ ਪ੍ਰਭਾਵਿਤ ਕਰ ਸਕਦਾ ਹੈ, ਅੰਤਰਰਾਜੀ ਵਿਵਾਦਾਂ ਅਤੇ ਵਾਤਾਵਰਣ ਅਸੰਤੁਲਨ ਦੇ ਮੁੱਦੇ ਉਠਾ ਸਕਦਾ ਹੈ। ਇਸ ਲਈ, ਵੱਡੇ ਪੱਧਰ 'ਤੇ ਕਲਾਉਡ ਸੀਡਿੰਗ ਪ੍ਰੋਜੈਕਟਾਂ ਨੂੰ ਵਧਾਉਣ ਤੋਂ ਪਹਿਲਾਂ, ਸਰਕਾਰ ਨੂੰ ਸਖ਼ਤ ਦਿਸ਼ਾ-ਨਿਰਦੇਸ਼, ਕਾਰਜਾਂ ਵਿੱਚ ਪਾਰਦਰਸ਼ਤਾ ਅਤੇ ਸਖ਼ਤ ਵਿਗਿਆਨਕ ਪ੍ਰਮਾਣਿਕਤਾ ਸਥਾਪਤ ਕਰਨੀ ਚਾਹੀਦੀ ਹੈ।





**ਵਿਜੈ ਗਰਗ ਸੇਵਾਮੁਕਤ ਪ੍ਰਿੰਸੀਪਲ ਕਾਲਮਨਵੀਸ ਉੱਘੇ ਸਿੱਖਿਆ ਸ਼ਾਸਤਰੀ ਗਲੀ ਕੌਰ ਚੰਦ ਐਮ.ਐਚ.ਆਰ. ਮਲੋਟ ਪੰਜਾਬ**